# ਉਪਰ ਤੋਂ ਸਹਾਇਤਾ



ਮੁਫ਼ਤ—ਵੇਚੀ ਨਹੀਂ ਜਾਣੀ ਚਾਹੀਦੀ

ਪਰਮੇਸ਼ੁਰ ਦਾ ਬਚਨ 'ਉਪਰ ਤੋਂ' ਆਇਆ ਅਤੇ ਵਾਸਤਵ ਵਿੱਚ ਇਹੋ ਜਿਹੇ ਦਿਲਾਂ ਲਈ ਬਹੁਤ ਹੀ ਮਦਦਗਾਰ ਹੈ ਜਿਹੜੇ ਸੱਚਿਆਈ ਦੇ ਭੁੱਖੇ ਅਤੇ ਤਿਹਾਏ ਹਨ। ਜਦ ਇੱਕ ਆਦਮੀ ਤੋਬਾ ਕਰਦਾ ਹੈ, ਅਤੇ ਆਪਣੇ ਪਾਪਾਂ ਨੂੰ ਛੱਡਦਾ ਹੈ, ਤਦ ਹੀ ਉਹ ਮੁਕਤੀਦਾਤਾ ਪ੍ਰਭੂ ਯਿਸੂ ਮਸੀਹ ਤੇ ਨਿਹਚਾ ਲਿਆਉਂਦਾ ਹੈ। ਤਦ ਹੀ ਪ੍ਰਭੂ ਵੀ ਆਪਣੇ ਆਪ ਨੂੰ ਨਿਹਚਾ ਕਰਨ ਵਾਲੇ ਤੇ ਪ੍ਰਗਟ ਕਰਦਾ ਹੈ ਅਤੇ ਉਹਦੇ ਦਿਲ ਵਿੱਚ ਆਪਣੀ ਖੁਸ਼ੀ ਤੇ ਸ਼ਾਂਤੀ ਭਰ ਦਿੰਦਾ ਹੈ।

ਮੈਨੂੰ ਇਹ ਤਰਜਬਾ **1937** ਵਿੱਚ ਹੋਇਆ ਅਤੇ ਉਸ ਸਮੇਂ ਤੋਂ ਲੈ ਕੇ ਅਜ ਤਕ ਇਹ ਅਚਰਜ ਮੇਲ ਜੋ ਪ੍ਰਭੂ ਨਾਲ ਹੋਇਆ ਕਦੇ ਵੀ ਨਹੀਂ ਟੁਟਿਆ।

ਸਾਡੀ ਤੁਹਾਡੇ ਅੱਗੇ ਇਹ ਹੀ ਅਰਜ਼ ਹੈ ਕਿ ਤੁਸੀਂ ਵੀ ਆਪਣੇ ਆਪ ਨੂੰ ਉਹਨੂੰ **ਹੁਣੇ** ਸੌਂਪ ਦਿਓ, ਜੇਕਰ ਤੁਸੀਂ ਅਜੇ ਤਕ ਨਹੀਂ ਸੌਂਪਿਆ।

ਵਾਟਸ਼ਨ ਗੁਡਮੈਨ

---

All scriptures are taken from the Punjabi Bible with permission from the Bible Society of India.

**ਨਾਲੇ ਯਿਸੂ ਮਸੀਹ ਦੀ ਵੱਲੋਂ ਜਿਹੜਾ ਸੱਚਾ ਗਵਾਹ ਅਤੇ ਮੁਰਦਿਆਂ ਵਿੱਚੋਂ ਜੇਠਾ ਅਤੇ ਧਰਤੀ ਦੇ ਰਾਜਿਆਂ ਦਾ ਹਾਕਮ ਹੈ। ਉਹ ਦੀ ਜਿਹੜਾ ਸਾਡੇ ਨਾਲ ਪ੍ਰੇਮ ਕਰਦਾ ਹੈ ਅਤੇ ਜਿਹ ਨੇ ਸਾਨੂੰ ਆਪਣੇ ਲਹੂ ਨਾਲ ਸਾਡੇ ਪਾਪਾਂ ਤੋਂ ਛੁਡਾ ਦਿੱਤਾ।** ਪਰਕਾਸ਼ 1:5

**ਪਰੰਤੂ ਪਰਮੇਸ਼ਰ ਆਪਣਾ ਪ੍ਰੇਮ ਸਾਡੇ ਉੱਤੇ ਇਉਂ ਪਰਗਟ ਕਰਦਾ ਹੈ ਭਈ ਜਾਂ ਅਸੀਂ ਅਜੇ ਪਾਪੀ ਹੀ ਸਾਂ ਤਾਂ ਮਸੀਹ ਸਾਡੇ ਲਈ ਮੋਇਆ।** ਰੋਮੀਆਂ 5:8

**ਕਿਉਂਕਿ ਪਰਮੇਸ਼ੁਰ ਨੇ ਜਗਤ ਨੂੰ ਅਜਿਹਾ ਪਿਆਰ ਕੀਤਾ ਜੋ ਉਹ ਨੇ ਆਪਣਾ ਇਕਲੌਤਾ ਪੁੱਤਰ ਬਖ਼ਸ਼ ਦਿੱਤਾ ਤਾਂ ਜੋ ਹਰੇਕ ਜੋ ਉਸ ਉੱਤੇ ਨਿਹਚਾ ਕਰੇ ਨਾਸ ਨਾ ਹੋਵੇ ਪਰ ਸਦੀਪਕ ਜੀਉਣ ਪਾਵੇ।** ਯੂਹੰਨਾ 3:16

**ਇਹ ਸਭ ਕੁਝ ਇਸ ਲਈ ਹੋਇਆ ਭਈ ਜਿਹੜੀ ਗੱਲ ਪ੍ਰਭੂ ਨੇ ਨਬੀ ਦੀ ਜ਼ਬਾਨੀ ਆਖੀ ਸੀ ਉਹ ਪੂਰੀ ਹੋਵੇ ਕਿ ਵੇਖੋ ਕੁਆਰੀ ਗਰਭਣੀ ਹੋਵੇਗੀ ਅਤੇ ਪੁੱਤਰ ਜਣੇਗੀ,ਅਤੇ ਉਹ ਉਸਦਾ ਨਾਮ ਇੰਮਾਨੂਏਲ ਰੱਖਣਗੇ। ਜਿਹ ਦਾ ਅਰਥ ਇਹ ਹੈ "ਪਰਮੇਸ਼ੁਰ ਅਸਾਡੇ ਸੰਗ।"**

ਮੱਤੀ 1:22, 23

**ਅਤੇ ਨਿਸੰਗ ਭਗਤੀ ਦਾ ਭੇਤ ਵੱਡਾ ਹੈ,—ਉਹ ਸਰੀਰ ਵਿੱਚ ਪਰਗਟ ਹੋਇਆ, ਆਤਮਾ ਵਿੱਚ ਧਰਮੀ ਠਹਿਰਾਇਆ ਗਿਆ, ਦੂਤਾਂ ਤੋਂ ਵੇਖਿਆ ਗਿਆ, ਕੌਮਾਂ ਵਿੱਚ ਉਹ ਦਾ ਪਰਚਾਰ ਕੀਤਾ ਗਿਆ, ਜਗਤ ਵਿੱਚ ਉਸ ਉੱਤੇ ਨਿਹਚਾ ਕੀਤੀ ਗਈ, ਤੇਜ ਵਿੱਚ ਉਤਾਹਾਂ ਉਠਾ ਲਿਆ ਗਿਆ।** 1 ਤਿਮੋਥਿਉਸ 3:16

**ਕਿਉਂ ਜੋ ਪਰਮੇਸ਼ੁਰਤਾਈ ਦੀ ਸਾਰੀ ਭਰਪੂਰੀ ਉਸੇ (ਯਿਸੂ ਮਸੀਹ) ਵਿੱਚ ਦੇਹਧਾਰੀ ਹੋ ਕੇ ਵੱਸਦੀ ਹੈ।**
ਕੁਲੁੱਸੀਆਂ 2:9

**ਜੋ ਕੋਈ ਮੰਨ ਲੈਂਦਾ ਹੈ ਭਈ ਯਿਸੂ ਪਰਮੇਸ਼ੁਰ ਦਾ ਪੁੱਤਰ ਹੈ ਪਰਮੇਸ਼ੁਰ ਉਹ ਦੇ ਵਿੱਚ ਅਤੇ ਉਹ ਪਰਮੇਸ਼ੁਰ ਦਾ ਪੁੱਤਰ ਹੈ ਪਰਮੇਸ਼ੁਰ ਉਹ ਦੇ ਵਿੱਚ ਅਤੇ ਉਹ ਪਰਮੇਸ਼ੁਰ ਦੇ ਵਿੱਚ ਰਹਿੰਦਾ ਹੈ।**
1 ਯੂਹੰਨਾ 4:15

**ਸਾਡੇ ਲਈ ਤਾਂ ਇੱਕ ਬਾਲਕ ਜੰਮਿਆ, ਅਤੇ ਸਾਨੂੰ ਇੱਕ ਪੁੱਤਰ ਬਖ਼ਸ਼ਿਆ ਗਿਆ, ਰਾਜ ਉਹ ਦੇ ਮੋਢੇ ਉੱਤੇ ਹੋਵੇਗਾ, ਅਤੇ ਉਹ ਦਾ ਨਾਮ ਇਉਂ ਸੱਦਿਆ ਜਾਵੇਗਾ, "ਅਚਰਜ ਸਲਾਹੂ, ਸ਼ਕਤੀਮਾਨ ਪਰਮੇਸ਼ੁਰ, ਅਨਾਦੀ ਪਿਤਾ, ਸ਼ਾਂਤੀ ਦਾ ਰਾਜ ਕੁਮਾਰ"।**
ਯਸਾਯਾਹ 9:6

# ਯਿਸੂ ਦੱਸਿਆ–ਉਹ ਕੌਣ ਹੈ?

**ਯਿਸੂ ਨੇ ਉਹ ਨੂੰ ਕਿਹਾ, ਕਿਆਮਤ ਅਤੇ ਜੀਉਣ ਮੈਂ ਹਾਂ। ਜੋ ਮੇਰੇ ਉੱਤੇ ਨਿਹਚਾ ਕਰਦਾ ਹੈ ਭਾਵੇਂ ਉਹ ਮਰ ਜਾਏ ਤਾਂ ਵੀ ਜੀਵੇਗਾ।** ਯੂਹੰਨਾ 11:25

**ਯਿਸੂ ਨੇ ਉਨ੍ਹਾਂ ਨੂੰ ਆਖਿਆ, ਜੀਉਣ ਦੀ ਰੋਟੀ ਮੈਂ ਹਾਂ। ਜੋ ਮੇਰੇ ਕੋਲ ਆਉਂਦਾ ਹੈ ਉਹ ਮੂਲੋਂ ਭੁੱਖਾ ਨਾ ਹੋਵੇਗਾ ਅਤੇ ਜੋ ਮੇਰੇ ਉੱਤੇ ਨਿਹਚਾ ਕਰਦਾ ਹੈ ਸੋ ਕਦੇ ਵੀ ਤਿਹਾਇਆ ਨਾ ਹੋਵੇਗਾ।** ਯੂਹੰਨਾ 6:35

**ਇਸ ਲਈ ਯਿਸੂ ਨੇ ਫੇਰ ਉਨ੍ਹਾਂ ਨੂੰ ਆਖਿਆ, ਮੈਂ ਤੁਹਾਨੂੰ ਸੱਚ ਸੱਚ ਆਖਦਾ ਹਾਂ ਜੋ ਭੇਡਾਂ ਦਾ ਬੂਹਾ ਮੈਂ ਹਾਂ।** ਯੂਹੰਨਾ 10:7

**ਅਤੇ ਵੇਖੋ ਕਿ ਦੋ ਅੰਨ੍ਹੇ ਜਿਹੜੇ ਸੜਕ ਦੇ ਕੰਢੇ ਬੈਠੇ ਸਨ ਜਾਂ ਇਹ ਸੁਣਿਆ ਜੋ ਯਿਸੂ ਲੰਘਿਆ ਜਾਂਦਾ ਹੈ ਉੱਚੀ ਦੇ ਕੇ ਬੋਲੇ, ਹੇ ਪ੍ਰਭੂ, ਦਾਊਦ ਦੇ ਪੁੱਤਰ, ਸਾਡੇ ਉੱਤੇ ਦਯਾ ਕਰ!. . . ਅਤੇ ਯਿਸੂ ਨੇ ਤਰਸ ਖਾ ਕੇ ਉਨ੍ਹਾਂ ਦੀਆਂ ਅੱਖਾਂ ਨੂੰ ਛੋਹਿਆ ਅਰ ਓਹ ਝੱਟ ਸੁਜਾਖੇ ਹੋ ਗਏ ਅਤੇ ਉਹ ਦੇ ਮਗਰ ਤੁਰ ਪਏ।** ਮੱਤੀ 20:30, 34

**ਜਾਂ ਉਹ ਬਚਨ ਕਰ ਹਟਿਆ ਤਾਂ ਸ਼ਮਊਨ ਨੂੰ ਕਿਹਾ ਭਈ ਡੂੰਘੇ ਪਾਣੀ ਵਿੱਚ ਲੈ ਚੱਲੋ ਅਤੇ ਸ਼ਿਕਾਰ ਲਈ ਆਪਣੇ ਜਾਲ ਪਾਓ। ਸ਼ਮਊਨ ਨੇ ਉੱਤਰ ਦਿੱਤਾ ਕਿ ਸੁਆਮੀ ਜੀ ਅਸਾਂ ਸਾਰੀ ਰਾਤ ਮਿਹਨਤ ਕੀਤੀ ਪਰ ਕੁਝ ਨਾ ਫੜਿਆ ਤਦ ਵੀ ਤੇਰੇ ਆਖਣ ਨਾਲ ਜਾਲ ਪਾਵਾਂਗਾ। ਜਾਂ ਉਨ੍ਹਾਂ ਇਹ ਕੀਤਾ ਤਾਂ ਬਹੁਤ ਸਾਰੀਆਂ ਮੱਛੀਆਂ ਘੇਰ ਲਈਆਂ ਅਤੇ ਉਨ੍ਹਾਂ ਦੇ ਜਾਲ ਟੁੱਟਣ ਲੱਗੇ।** ਲੂਕਾ 5:4-6

# ਯਿਸੂ ਮਸੀਹ ਕਰਤਾਰ ਅਤੇ ਪ੍ਰਭੂ ਹੈ

**ਉਪਰੰਤ ਇਸਰਾਏਲ ਦਾ ਸਾਰਾ ਘਰਾਣਾ ਪੱਕ ਜਾਣੇ ਭਈ ਇਸੇ ਯਿਸੂ ਨੂੰ ਜਿਹ ਨੂੰ ਤੁਸਾਂ ਸਲੀਬ ਉੱਤੇ ਚਾੜ੍ਹਿਆ ਪਰਮੇਸ਼ੁਰ ਨੇ ਓਸ ਨੂੰ ਪ੍ਰਭੂ ਭੀ ਅਤੇ ਮਸੀਹ ਭੀ ਕੀਤਾ।**

ਰਸੂਲਾਂ. 2:36

**ਕਿਉਂ ਜੋ ਅਕਾਸ਼ ਅਤੇ ਧਰਤੀ ਉਤਲੀਆਂ ਸਾਰੀਆਂ ਵਸਤਾਂ ਉਸੇ ਤੋਂ ਉਤਪਤ ਹੋਈਆਂ, ਨਾਲੇ ਦਿੱਸਣ ਵਾਲੀਆਂ, ਨਾਲੇ ਨਾ ਦਿੱਸਣ ਵਾਲੀਆਂ, ਕੀ ਸਿੰਘਾਸਣ, ਕੀ ਰਿਆਸਤਾਂ, ਕੀ ਹਕੂਮਤਾਂ, ਕੀ ਇਖਤਿਆਰ, ਸੱਭੋ ਕੁਝ ਉਸ ਦੇ ਰਾਹੀਂ ਅਤੇ ਉਸੇ ਦੇ ਲਈ ਉਤਪਤ ਹੋਇਆ ਹੈ।**

ਕੁਲੁੱਸੀਆਂ 1:16

ਪਿਤਾ ਕਿਸੇ ਦਾ ਨਿਆਉਂ ਨਹੀਂ ਕਰਦਾ ਪਰ ਉਸ ਨੇ ਸਾਰਾ ਨਿਆਉਂ ਪੁੱਤਰ ਨੂੰ ਸੌਂਪ ਦਿੱਤਾ ਹੈ। ਯੂਹੰਨਾ 5:22

ਪਰ ਤੂੰ ਆਪਣੇ ਭਰਾ ਉੱਤੇ ਕਾਹਨੂੰ ਦੋਸ਼ ਲਾਉਂਦਾ ਹੈਂ ਅਥਵਾ ਫੇਰ ਤੂੰ ਆਪਣੇ ਭਰਾ ਨੂੰ ਕਿਉਂ ਤੁੱਛ ਜਾਣਦਾ ਹੈਂ? ਕਿਉਂ ਜੋ ਅਸੀਂ ਸੱਭੇ ਪਰਮੇਸ਼ੁਰ ਦੇ ਨਿਆਉਂ ਦੇ ਸਿੰਘਾਸਣ ਦੇ ਅੱਗੇ ਖੜੇ ਹੋਵਾਂਗੇ। ਰੋਮੀਆਂ 14:10

ਅਤੇ ਉਹ ਨੇ ਸਾਨੂੰ ਆਗਿਆ ਦਿੱਤੀ ਭਈ ਲੋਕਾਂ ਦੇ ਅੱਗੇ ਪਰਚਾਰ ਕਰੋ ਅਤੇ ਸਾਖੀ ਦਿਓ ਜੋ ਇਹ ਉਹੋ ਹੈ ਜਿਹੜਾ ਪਰਮੇਸ਼ੁਰ ਦੀ ਵੱਲੋਂ ਠਹਿਰਾਇਆ ਹੋਇਆ ਹੈ ਭਈ ਜੀਉਂਦਿਆਂ ਅਤੇ ਮੋਇਆਂ ਦਾ ਨਿਆਉਂ ਕਰਨ ਵਾਲਾ ਹੋਵੇ। ਰਸੂਲਾਂ. 10:42

# ਨਿਸਤਾਰਾ ਸਿਰਫ ਪ੍ਰਭੂ ਯਿਸੂ ਦੇ ਰਾਹੀਂ ਹੈ

**ਅਰ ਕਿਸੇ ਦੂਏ ਤੋਂ ਮੁਕਤੀ ਨਹੀਂ ਕਿਉਂ ਜੋ ਅਕਾਸ਼ ਦੇ ਹੇਠਾਂ ਮਨੁੱਖਾਂ ਵਿੱਚ ਕੋਈ ਦੂਜਾ ਨਾਮ ਨਹੀਂ ਦਿੱਤਾ ਗਿਆ ਜਿਸ ਤੋਂ ਅਸੀਂ ਬਚਾਏ ਜਾਣਾ ਹੈ।** ਰਸੂਲਾਂ. 4:12

**ਯਿਸੂ ਨੇ ਉਹ ਨੂੰ ਆਖਿਆ, ਰਾਹ ਅਤੇ ਸਚਿਆਈ ਅਤੇ ਜੀਉਣ ਮੈਂ ਹਾਂ। ਕੋਈ ਮੇਰੇ ਵਸੀਲੇ ਬਿਨਾ ਪਿਤਾ ਦੇ ਕੋਲ ਨਹੀਂ ਆਉਂਦਾ।** ਯੂਹੰਨਾ 14:6

**ਇਸ ਲਈ ਉਹ ਉਨ੍ਹਾਂ ਦਾ ਜਿਹੜੇ ਉਹ ਦੇ ਰਾਹੀਂ ਪਰਮੇਸ਼ੁਰ ਦੇ ਕੋਲ ਆਉਂਦੇ ਹਨ ਪੂਰਾ ਨਿਸਤਾਰਾ ਕਰ ਸੱਕਦਾ ਹੈ ਕਿਉਂ ਜੋ ਉਹ ਉਨ੍ਹਾਂ ਦੀ ਸਫ਼ਾਰਸ਼ ਕਰਨ ਨੂੰ ਸਦਾ ਜੀਉਂਦਾ ਹੈ।**
ਇਬਰਾਨੀਆਂ 7:25

ਅਤੇ ਪਿਤਾ ਦਾ ਧੰਨਵਾਦ ਕਰਦੇ ਰਹੋ ਜਿਨ ਸਾਨੂੰ ਇਸ ਜੋਗ ਬਣਾਇਆ ਭਈ ਚਾਨਣ ਵਿੱਚ ਸੰਤਾਂ ਦੇ ਵਿਰਸੇ ਦੇ ਪੱਤੀਦਾਰ ਹੋਈਏ। ਅਤੇ ਸਾਨੂੰ ਅੰਧਕਾਰ ਦੇ ਵੱਸ ਵਿੱਚੋਂ ਛੁਡਾ ਕੇ ਆਪਣੇ ਪਿਆਰੇ ਪੁੱਤਰ ਦੇ ਰਾਜ ਵਿੱਚ ਪੁਚਾ ਦਿੱਤਾ। ਉਸ ਦੇ ਵਿੱਚ ਸਾਨੂੰ ਨਿਸਤਾਰਾ ਅਰਥਾਤ ਪਾਪਾਂ ਦੀ ਮਾਫ਼ੀ ਮਿਲਦੀ ਹੈ। ਕੁਲੁੱਸੀਆਂ 1:12, 14

ਜਿਹ ਨੇ ਆਪਣੇ ਆਪ ਨੂੰ ਸਾਡੇ ਲਈ ਦੇ ਦਿੱਤਾ ਭਈ ਸਾਰੇ ਕੁਧਰਮ ਤੋਂ ਸਾਡਾ ਨਿਸਤਾਰਾ ਕਰੇ ਅਤੇ ਖਾਸ ਆਪਣੇ ਲਈ ਇੱਕ ਕੌਮ ਨੂੰ ਪਾਕ ਕਰੇ ਜੋ ਸ਼ੁਭ ਕਰਮਾਂ ਵਿੱਚ ਸਰਗਰਮ ਹੋਵੇ। ਤੀਤੁਸ 2:14

ਕਿਉਂ ਜੋ ਮਨੁੱਖ ਦਾ ਪੁੱਤਰ ਗੁਆਚੇ ਹੋਏ ਨੂੰ ਭਾਲਣ ਅਤੇ ਬਚਾਉਣ ਲਈ ਆਇਆ ਹੈ। ਲੂਕਾ 19:10

**ਜਿਹ ਦੇ ਵਿੱਚ ਉਸ ਦੇ ਲਹੂ ਦੇ ਦੁਆਰਾ ਸਾਨੂੰ ਨਿਸਤਾਰਾ ਅਰਥਾਤ ਅਪਰਾਧਾਂ ਦੀ ਮਾਫ਼ੀ ਉਹ ਦੀ ਕਿਰਪਾ ਦੇ ਧਨ ਅਨੁਸਾਰ ਮਿਲਦੀ ਹੈ।** ਅਫ਼ਸੀਆਂ 1:7

**ਪਰ ਜੇ ਅਸੀਂ ਚਾਨਣ ਵਿੱਚ ਚੱਲੀਏ ਜਿਵੇਂ ਉਹ ਚਾਨਣ ਵਿੱਚ ਹੈ ਤਾਂ ਸਾਡੀ ਆਪੋ ਵਿੱਚੀਂ ਸੰਗਤ ਹੈ ਅਤੇ ਉਹ ਦੇ ਪੁੱਤਰ ਯਿਸੂ ਦਾ ਲਹੂ ਸਾਨੂੰ ਸਾਰੇ ਪਾਪ ਤੋਂ ਸ਼ੁੱਧ ਕਰਦਾ ਹੈ।**
1 ਯੂਹੰਨਾ 1:7

**ਤਾਂ ਕਿੰਨਾ ਹੀ ਵਧੀਕ ਮਸੀਹ ਦਾ ਲਹੂ ਜਿਹ ਨੇ ਸਦੀਪਕ ਆਤਮਾ ਦੇ ਰਾਹੀਂ ਆਪਣੇ ਆਪ ਨੂੰ ਦੋਸ਼ ਰਹਿਤ ਪਰਮੇਸ਼ੁਰ ਦੇ ਅੱਗੇ ਚੜ੍ਹਾਇਆ ਤੁਹਾਡੇ ਅੰਤਹਕਰਨ ਨੂੰ ਮੁਰਦਿਆਂ ਕੰਮਾਂ ਤੋਂ ਸ਼ੁੱਧ ਕਰੇਗਾ ਭਈ ਤੁਸੀਂ ਜੀਉਂਦੇ ਪਰਮੇਸ਼ੁਰ ਦੀ ਉਪਾਸਨਾ ਕਰੋ।**
ਇਬਰਾਨੀਆਂ 9:14

**ਕਿਉਂ ਜੋ ਹਰੇਕ ਜਿਹੜਾ ਪਰਮੇਸ਼ੁਰ ਤੋਂ ਜੰਮਿਆ ਹੈ ਉਹ ਸੰਸਾਰ ਉੱਤੇ ਫ਼ਤਹ ਪਾਉਂਦਾ ਹੈ ਅਰ ਫ਼ਤਹ ਇਹ ਹੈ ਜਿਹ ਨੇ ਸੰਸਾਰ ਉੱਤੇ ਫ਼ਤਹ ਪਾਈ ਅਰਥਾਤ ਸਾਡੀ ਨਿਹਚਾ।**

1 ਯੂਹੰਨਾ 5:4

**ਤਾਂ ਉਨ੍ਹਾਂ ਉਸ ਨੂੰ ਆਖਿਆ ਕਿ ਪਰਮੇਸ਼ੁਰ ਦੇ ਕੰਮ ਦੇ ਕਰਨ ਨੂੰ ਅਸੀਂ ਕੀ ਕਰੀਏ? ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ, ਪਰਮੇਸ਼ੁਰ ਦਾ ਕੰਮ ਏਹ ਹੈ ਕਿ ਜਿਸ ਨੂੰ ਉਨ ਭੇਜਿਆ ਹੈ ਉਸ ਉੱਤੇ ਤੁਸੀਂ ਨਿਹਚਾ ਕਰੋ।** ਯੂਹੰਨਾ 6:28–29

**ਕਿਉਂ ਜੋ ਤੁਸੀਂ ਕਿਰਪਾ ਤੋਂ ਨਿਹਚਾ ਦੇ ਰਾਹੀਂ ਬਚਾਏ ਗਏ ਅਤੇ ਇਹ ਤੁਹਾਡੀ ਵੱਲੋਂ ਨਹੀਂ ਇਹ ਪਰਮੇਸ਼ੁਰ ਦੀ ਬਖ਼ਸ਼ੀਸ਼ ਹੈ। ਇਹ ਕਰਨੀਆਂ ਤੋਂ ਨਹੀਂ ਅਜਿਹਾ ਨਾ ਹੋਵੇ ਭਈ ਕੋਈ ਘੁਮੰਡ ਕਰੇ।** ਅਫ਼ਸੀਆਂ 2:8, 9

**ਪਰ ਯਹੋਵਾਹ ਦੀ ਦਯਾ ਆਦ ਤੋਂ ਅੰਤ ਤੀਕ ਆਪਣੇ ਡਰਨ ਵਾਲਿਆਂ ਦੇ ਉੱਤੇ ਹੈ, ਅਤੇ ਉਹ ਦਾ ਧਰਮ ਪੁੱਤਰਾਂ ਪੋਤ੍ਰਿਆਂ ਤੀਕ।** ਜ਼ਬੂਰ 103:17

**ਤਾਂ ਉਸ ਨੇ ਉਨ੍ਹਾਂ ਧਰਮ ਦੇ ਕਰਮਾਂ ਕਰਕੇ ਨਹੀਂ ਜੋ ਅਸਾਂ ਕੀਤੇ ਸਗੋਂ ਆਪਣੇ ਰਹਮ ਦੇ ਅਨੁਸਾਰ ਨਵੇਂ ਜਨਮ ਦੇ ਅਸ਼ਨਾਨ ਅਤੇ ਪਵਿੱਤਰ ਆਤਮਾ ਦੇ ਨਵੇਂ ਬਣਾਉਣ ਦੇ ਵਸੀਲੇ ਨਾਲ ਸਾਨੂੰ ਬਚਾਇਆ।** ਤੀਤੁਸ 3:5

**ਜਿੰਨਾ ਉੱਚਾ ਅਕਾਸ਼ ਧਰਤੀ ਉੱਤੋਂ ਹੈ, ਇੰਨੀ ਵੱਡੀ ਉਹ ਦੀ ਦਯਾ ਉਹ ਦੇ ਡਰਨ ਵਾਲਿਆਂ ਉੱਤੇ ਹੈ!** ਜ਼ਬੂਰ 103:11

# ਪਰਮੇਸ਼ੁਰ ਆਖਦਾ ਹੈ ਮੇਰੇ ਕੋਲ ਆਓ

**ਹੇ ਸਾਰੇ ਥੱਕੇ ਹੋਇਓ ਅਤੇ ਭਾਰ ਹੇਠ ਦੱਬੇ ਹੋਇਓ, ਮੇਰੇ ਕੋਲ ਆਓ ਤਾਂ ਮੈਂ ਤੁਹਾਨੂੰ ਅਰਾਮ ਦਿਆਂਗਾ।** ਮੱਤੀ 11:28

**ਆਓ, ਅਸੀਂ ਸਲਾਹ ਕਰੀਏ, ਯਹੋਵਾਹ ਆਖਦਾ ਹੈ, ਭਾਵੇਂ ਤੁਹਾਡੇ ਪਾਪ ਕਿਰਮਚ ਜੇਹੇ ਹੋਣ, ਓਹ ਬਰਫ ਜੇਹੇ ਚਿੱਟੇ ਹੋ ਜਾਣਗੇ, ਭਾਵੇਂ ਓਹ ਮਜੀਠ ਜੇਹੇ ਲਾਲ ਹੋਣ, ਓਹ ਉੱਨ ਜੇਹੇ ਹੋ ਜਾਣਗੇ।** ਯਸਾਯਾਹ 1:18

**ਆਤਮਾ ਅਤੇ ਲਾੜੀ ਆਖਦੀ ਹੈ, ਆਓ! ਜਿਹੜਾ ਸੁਣਦਾ ਹੋਵੇ ਉਹ ਕਹੇ ਆਓ। ਅਤੇ ਜਿਹੜਾ ਤਿਹਾਇਆ ਹੋਵੇ ਉਹ ਆਵੇ। ਜਿਹੜਾ ਚਾਹੇ ਅੰਮ੍ਰਿਤ ਜਲ ਮੁਖਤ ਲਵੇ।**
ਪਰਕਾਸ਼ 22:17

ਇਸ ਤੋਂ ਪਰਮੇਸ਼ਰ ਦੇ ਬਾਲਕ ਅਤੇ ਸ਼ਤਾਨ ਦੇ ਬਾਲਕ ਪਰਗਟ ਹੁੰਦੇ ਹਨ। ਹਰ ਕੋਈ ਜਿਹੜਾ ਧਰਮ ਨਹੀਂ ਕਰਦਾ ਪਰਮੇਸ਼ੁਰ ਤੋਂ ਨਹੀਂ ਅਤੇ ਨਾ ਉਹ ਜਿਹੜਾ ਆਪਣੇ ਭਰਾ ਨਾਲ ਪ੍ਰੇਮ ਨਹੀਂ ਰੱਖਦਾ ਹੈ। 1 ਯੂਹੰਨਾ 3:10

ਪਰ ਜਿੰਨਿਆਂ ਨੇ ਉਸ ਨੂੰ ਕਬੂਲ ਕੀਤਾ ਉਸ ਨੇ ਉਨ੍ਹਾਂ ਨੂੰ ਪਰਮੇਸ਼ੁਰ ਦੇ ਪੁੱਤਰ ਹੋਣ ਦਾ ਹੱਕ ਦਿੱਤਾ ਅਰਥਾਤ ਜਿੰਨ੍ਹਾਂ ਨੇ ਉਸ ਦੇ ਨਾਮ ਉੱਤੇ ਨਿਹਚਾ ਕੀਤੀ। ਯੂਹੰਨਾ 1:12

ਜਿੰਨੇ ਪਰਮੇਸ਼ੁਰ ਦੇ ਆਤਮਾ ਦੀ ਅਗਵਾਈ ਨਾਲ ਚੱਲਦੇ ਹਨ ਓਹੀ ਪਰਮੇਸ਼ੁਰ ਦੇ ਪੁੱਤਰ ਹਨ। ਕਿਉਂ ਜੋ ਤੁਹਾਨੂੰ ਗੁਲਾਮੀ ਦਾ ਆਤਮਾ ਨਹੀਂ ਮਿਲਿਆ ਜੋ ਫੇਰ ਮੁੜ ਕੇ ਡਰੋ ਸਗੋਂ ਲੇਪਾਲਕ ਪੁੱਤਰ ਹੋਣ ਦਾ ਆਤਮਾ ਮਿਲਿਆ ਜਿਸ ਕਰਕੇ ਅਸੀਂ ਅੱਬਾ, ਹੇ ਪਿਤਾ, ਪੁਕਾਰਦੇ ਹਾਂ। ਰੋਮੀਆਂ 8:14, 15

**ਜਦੋਂ ਸ਼ਰਾਬ ਲਾਲ ਹੋਵੇ, ਜਦ ਉਹ ਪਿਆਲੇ ਵਿੱਚ ਚਮਕੇ, ਅਤੇ ਜਦ ਉਹ ਸਹਿਜ ਨਾਲ ਹੇਠਾਂ ਉਤਰੇ, ਤਾਂ ਤੂੰ ਉਹ ਦੀ ਵੱਲ ਨਾ ਤੱਕ! ਓੜਕ ਉਹ ਸੱਪ ਦੀ ਨਿਆਈਂ ਡੱਸਦੀ, ਅਤੇ ਠੂਹੇਂ ਵਾਂਙੁ ਡੰਗ ਮਾਰਦੀ ਹੈ!** ਕਹਾਉਤਾਂ 23:31, 32

**ਭਲਮਣਸਊ ਨਾਲ ਚੱਲੀਏ ਜਿੱਕੁਰ ਦਿਨੇ ਚੱਲੀਦਾ ਹੈ, ਨਾ ਬਦਮਸਤੀਆਂ ਅਤੇ ਨਸ਼ਿਆਂ ਵਿੱਚ, ਨਾ ਹਰਾਮਕਾਰੀਆਂ ਅਤੇ ਲੁੱਚਪੁਣਿਆਂ ਵਿੱਚ, ਨਾ ਝਗੜੇ ਅਤੇ ਹਸਦ ਵਿੱਚ। ਸਗੋਂ ਪ੍ਰਭੂ ਯਿਸੂ ਮਸੀਹ ਨੂੰ ਪਹਿਨ ਲਓ ਅਤੇ ਸਰੀਰ ਦੇ ਵਿਸ਼ਿਆਂ ਲਈ ਕੋਈ ਤਰੱਦਦ ਨਾ ਕਰੋ।** ਰੋਮੀਆਂ 13:13, 14

# ਨੇਕ-ਦਿਲੀ ਹੀ ਚੋਖੀ ਨਹੀਂ ਹੈ

**ਜਦ ਉਹ ਬਾਹਰ ਨਿੱਕਲ ਕੇ ਰਾਹ ਵੱਲ ਚੱਲਿਆ ਜਾਂਦਾ ਸੀ ਇੱਕ ਜਣਾ ਉਹ ਦੇ ਕੋਲ ਦੌੜਿਆ ਆਇਆ ਅਤੇ ਉਹ ਦੇ ਅੱਗੇ ਗੋਡੇ ਨਿਵਾ ਕੇ ਉਹ ਨੂੰ ਪੁੱਛਿਆ, ਸਤ ਗੁਰੂ ਜੀ, ਮੈਂ ਕੀ ਕਰਾਂ ਜੋ ਸਦੀਪਕ ਜੀਉਣ ਦਾ ਅਧਿਕਾਰੀ ਹੋਵਾਂ? ਯਿਸੂ ਨੇ ਉਹ ਨੂੰ ਆਖਿਆ, ਤੂੰ ਮੈਨੂੰ ਸਤ ਕਿਉਂ ਕਹਿੰਦਾ ਹੈ? ਸਤ ਕੋਈ ਨਹੀਂ ਪਰ ਨਿਰਾ ਇੱਕੋ ਪਰਮੇਸ਼ੁਰ। ਤੂੰ ਹੁਕਮਾਂ ਨੂੰ ਜਾਣਦਾ ਹੈਂ-ਖੂਨ ਨਾ ਕਰ, ਜ਼ਨਾਹ ਨਾ ਕਰ, ਚੋਰੀ ਨਾ ਕਰ, ਝੂਠੀ ਗਵਾਹੀ ਨਾ ਦਿਹ, ਠੱਗੀ ਨਾ ਕਰ, ਆਪਣੇ ਮਾਂ ਪਿਉ ਦਾ ਆਦਰ ਕਰ। ਉਸ ਨੇ ਉਹ ਨੂੰ ਕਿਹਾ, ਗੁਰੂ ਜੀ, ਮੈਂ ਆਪਣੇ ਬਾਲਕਪੁਣੇ ਤੋਂ ਉਨ੍ਹਾਂ ਸਭਨਾਂ ਨੂੰ ਮੰਨਦਾ ਆਇਆ ਹਾਂ। ਯਿਸੂ ਨੇ ਉਹ ਦੀ ਵੱਲ ਵੇਖ ਕੇ ਉਹ ਨੂੰ ਪਿਆਰ ਕੀਤਾ ਅਤੇ ਉਹ ਨੂੰ ਆਖਿਆ, ਤੇਰੇ ਵਿੱਚ ਇੱਕ ਗੱਲ ਦਾ ਘਾਟਾ ਹੈ। ਜਾਹ ਅਤੇ ਜੋ ਕੁਝ ਤੇਰਾ ਹੈ ਵੇਚ ਅਤੇ ਕੰਗਾਲਾਂ ਨੂੰ ਦੇ ਦਿਹ ਤਾਂ ਤੈਨੂੰ ਸੁਰਗ ਵਿੱਚ ਧਨ ਮਿਲੇਗਾ ਅਤੇ ਆ, ਮੇਰੇ ਪਿੱਛੇ ਹੋ ਤੁਰ। ਪਰ ਉਹ ਏਸ ਗੱਲੋਂ ਭੈੜਾ ਪਿਆ ਅਤੇ ਉਦਾਸ ਹੋ ਕੇ ਚੱਲਿਆ ਗਿਆ ਕਿਉਂ ਜੋ ਉਹ ਵੱਡਾ ਮਾਲਦਾਰ ਸੀ।**

ਮਰਕੁਸ 10:17-22

**ਅਤਵਾ ਤੁਸੀਂ ਨਹੀਂ ਜਾਣਦੇ ਜੋ ਕੁਧਰਮੀ ਲੋਕ ਪਰਮੇਸ਼ੁਰ ਦੇ ਰਾਜ ਦੇ ਅਧਕਾਰੀ ਨਹੀਂ ਹੋਣਗੇ? ਧੋਖਾ ਨਾ ਖਾਓ, ਨਾ ਹਰਾਮਕਾਰ, ਨਾ ਮੂਰਤੀ ਪੂਜਕ, ਨਾ ਜ਼ਨਾਹਕਾਰ, ਨਾ ਜਨਾਨੜੇ, ਨਾ ਮੁੰਡੇਬਾਜ, ਨਾ ਚੋਰ, ਨਾ ਲੋਭੀ, ਨਾ ਸ਼ਰਾਬੀ, ਨਾ ਗਾਲਾਂ ਕੱਢਣ ਵਾਲੇ, ਨਾ ਲੁਟੇਰੇ ਪਰਮੇਸ਼ੁਰ ਦੇ ਰਾਜ ਦੇ ਅਧਕਾਰੀ ਹੋਣਗੇ।** 1 ਕੁਰਿੰਥੀਆਂ 6:9, 10

**ਪਰ ਬਚਨ ਉੱਤੇ ਅਮਲ ਕਰਨ ਵਾਲੇ ਹੋਵੋ ਅਤੇ ਆਪਣੇ ਆਪ ਨੂੰ ਧੋਖਾ ਦੇ ਕੇ ਨਿਰੇ ਸੁਣਨ ਵਾਲੇ ਹੀ ਨਾ ਹੋਵੋ।** ਯਾਕੂਬ 1:22

**ਇਸ ਲਈ ਜਿਵੇਂ ਇੱਕ ਮਨੁੱਖ ਤੋਂ ਪਾਪ ਸੰਸਾਰ ਵਿੱਚ ਆਇਆ ਅਤੇ ਪਾਪ ਤੋਂ ਮੌਤ ਆਈ ਅਤੇ ਇਸੇ ਤਰਾਂ ਮੌਤ ਸਭਨਾਂ ਮਨੁੱਖਾਂ ਵਿੱਚ ਫੈਲਰ ਗਈ ਏਸ ਲਈ ਜੋ ਸਭਨਾਂ ਨੇ ਪਾਪ ਕੀਤਾ।** ਰੋਮੀਆਂ 5:12

**ਤਦ ਕਾਮਨਾ ਜਾਂ ਗਰਭਣੀ ਹੋਈ ਤਾਂ ਪਾਪ ਨੂੰ ਜਣਦੀ ਹੈ, ਅਤੇ ਪਾਪ ਜਾਂ ਪੂਰੇ ਵਿੱਤ ਨੂੰ ਪੁੱਜਦਾ ਹੈ ਤਾਂ ਮੌਤ ਨੂੰ ਜਨਮ ਦਿੰਦਾ ਹੈ।** ਯਾਕੂਬ 1:15

**ਧਰਮ ਸੱਚਮੁੱਚ ਜੀਉਣ ਦੇ ਲਈ ਹੈ, ਪਰ ਜਿਹੜਾ ਬੁਰਿਆਈ ਦਾ ਪਿੱਛਾ ਕਰਦਾ ਹੈ ਆਪਣੀ ਮੌਤ ਲਈ ਕਰਦਾ ਹੈ।** ਕਹਾਉਤਾਂ 11:19

**ਕਿਉਂ ਜੋ ਪਾਪ ਦੀ ਮਜ਼ਦੂਰੀ ਮੌਤ ਹੈ** ਰੋਮੀਆਂ 6:23ੳ

**ਪਿਤਾ ਮੈਨੂੰ ਇਸ ਲਈ ਪਿਆਰ ਕਰਦਾ ਹੈ ਕਿ ਮੈਂ ਆਪਣੀ ਜਾਨ ਦਿੰਦਾ ਹਾਂ ਤਾਂ ਜੋ ਉਹ ਨੂੰ ਫੇਰ ਲਵਾਂ।ਕੋਈ ਉਸ ਨੂੰ ਮੈਥੋਂ ਖੋਹੰਦਾ ਨਹੀਂ ਪਰ ਮੈਂ ਆਪੇ ਉਸ ਨੂੰ ਦਿੰਦਾ ਹਾਂ। ਮੇਰਾ ਇਖ਼ਤਿਆਰ ਹੈ ਜੋ ਉਹ ਨੂੰ ਦੇਵਾਂ ਅਤੇ ਮੇਰਾ ਇਖ਼ਤਿਆਰ ਹੈ ਜੋ ਉਹ ਨੂੰ ਫੇਰ ਲਵਾਂ। ਇਹ ਹੁਕਮ ਮੈਂ ਆਪਣੇ ਪਿਤਾ ਕੋਲੋਂ ਪਾਇਆ ਹੈ।** ਯੂਹੰਨਾ 10:17-18

**ਇਹ ਕਹਿ ਕੇ ਉੱਚੀ ਅਵਾਜ਼ ਮਾਰੀ ਕਿ ਲਾਜ਼ਰ , ਬਾਹਰ ਆ! ਉਹ ਜਿਹੜਾ ਮੋਇਆ ਹੋਇਆ ਸੀ ਕਫ਼ਨ ਨਾਲ ਹੱਥ ਪੈਰ ਬੱਧੇ ਹੋਏ ਬਾਹਰ ਨਿੱਕਲ ਆਇਆ ਅਰ ਉਹ ਦੇ ਮੂੰਹ ਉੱਤੇ ਰੁਮਾਲ ਵਲ੍ਹੇਟਿਆ ਹੋਇਆ ਸੀ! ਯਿਸੂ ਨੇ ਉਨ੍ਹਾਂ ਨੂੰ ਆਖਿਆ, ਉਹ ਨੂੰ ਖੋਲ੍ਹੋ ਅਤੇ ਜਾਣ ਦਿਓ।** ਯੂਹੰਨਾ 11:43, 44

ਮੇਰੇ ਸਨਮੁਖ ਤੇਰੇ ਲਈ ਦੂਜੇ ਦੇਵਤੇ ਨਾ ਹੋਣ।

ਤੂੰ ਆਪਣੇ ਲਈ ਉੱਕਰੀ ਹੋਈ ਮੂਰਤ ਨਾ ਬਣਾ, ਨਾ ਕਿਸੇ ਚੀਜ਼ ਦੀ ਸੂਰਤ ਜਿਹੜੀ ਉੱਪਰ ਅਕਾਸ਼ ਵਿੱਚ ਅਤੇ ਜਿਹੜੀ ਹੇਠਾਂ ਧਰਤੀ ਉੱਤੇ ਅਰ ਜਿਹੜੀ ਧਰਤੀ ਦੇ ਹੇਠਲੇ ਪਾਣਿਆਂ ਵਿੱਚ ਹੈ। ਨਾ ਤੂੰ ਓਹਨਾਂ ਦੇ ਅੱਗੇ ਮੱਥਾ ਟੇਕ, ਨਾ ਓਹਨਾਂ ਦੀ ਪੂਜਾ ਕਰ ਕਿਉਂ ਜੋ ਮੈਂ ਯਹੋਵਾਹ ਤੇਰਾ ਪਰਮੇਸ਼ਰ ਅਣਖ ਵਾਲਾ ਪਰਮੇਸ਼ੁਰ ਹਾਂ ਜਿਹੜਾ ਪਿਉ ਦਾਦਿਆਂ ਦੀ ਬੁਰਿਆਈ ਨੂੰ ਬੱਚਿਆਂ ਉੱਤੇ ਆਪਣੇ ਵੈਰੀਆਂ ਦੀ ਤੀਜੀ ਅਤੇ ਚੌਥੀ ਪੀੜ੍ਹੀ ਉੱਤੇ ਲਿਆਉਂਦਾ ਹਾਂ। ਪਰ ਹਜ਼ਾਰਾਂ ਉੱਤੇ ਜਿਹੜੇ ਮੇਰੇ ਨਾਲ ਪ੍ਰੀਤ ਪਾਲਦੇ ਤੇ ਮੇਰੇ ਹੁਕਮਾਂ ਨੂੰ ਮੰਨਦੇ ਹਨ ਦਯਾ ਕਰਦਾ ਹਾਂ।

ਤੂੰ ਯਹੋਵਾਹ ਆਪਣੇ ਪਰਮੇਸ਼ੁਰ ਦਾ ਨਾਮ ਵਿਅਰਥ ਨਾ ਲੈ ਕਿਉਂਕਿ ਜਿਹੜਾ ਉਹ ਦਾ ਨਾਮ ਵਿਅਰਥ ਲੈਂਦਾ ਹੈ ਯਹੋਵਾਹ ਉਸ ਨੂੰ ਬੇਦੋਸ਼ ਨਾ ਠਹਿਰਾਵੇਗਾ।

ਤੂੰ ਸਬਤ ਦੇ ਦਿਨ ਨੂੰ ਪਵਿੱਤਰ ਜਾਣ ਕੇ ਚੇਤੇ ਰੱਖ ਜਿਵੇਂ ਯਹੋਵਾਹ ਤੇਰੇ ਪਰਮੇਸ਼ੁਰ ਨੇ ਤੈਨੂੰ ਹੁਕਮ ਦਿੱਤਾ ਸੀ। ਛੇ ਦਿਨ ਤੂੰ ਮਿਹਨਤ ਕਰ ਅਤੇ ਆਪਣਾ ਸਾਰਾ ਕੰਮ ਧੰਦਾ ਕਰ। ਪਰ ਸੱਤਵਾਂ ਦਿਨ ਯਹੋਵਾਹ ਤੇਰੇ ਪਰਮੇਸ਼ੁਰ ਲਈ ਸਬਤ ਹੈ. . .
ਤੂੰ ਆਪਣੇ ਪਿਤਾ ਅਤੇ ਮਾਤਾ ਦਾ ਆਦਰ ਕਰ ਜਿਵੇਂ ਯਹੋਵਾਹ ਤੇਰੇ ਪਰਮੇਸ਼ੁਰ ਨੇ ਤੈਨੂੰ ਹੁਕਮ ਦਿੱਤਾ ਸੀ . . .।
ਤੂੰ ਖ਼ੂਨ ਨਾ ਕਰ। ਤੂੰ ਜ਼ਨਾਹ ਨਾ ਕਰ।
ਤੂੰ ਚੋਰੀ ਨਾ ਕਰ।
ਤੂੰ ਆਪਣੇ ਗੁਆਂਢੀ ਉੱਤੇ ਝੂਠੀ ਗਵਾਹੀ ਨਾ ਦੇਹ।
ਤੂੰ ਆਪਣੇ ਗੁਆਂਢੀ ਦੀ ਪਤਨੀ ਦੀ ਲਾਲਸਾ ਨਾ ਕਰ। ਤੂੰ ਆਪਣੇ ਗੁਆਂਢੀ ਦੇ ਘਰ ਦੀ ਹਿਰਸ ਨਾ ਕਰ, ਨਾ ਉਹ ਦੇ ਖੇਤ, ਨਾ ਉਹ ਦੇ ਗੋੱਲੇ, ਨਾ ਉਹ ਦੀ ਗੋੱਲੀ, ਨਾ ਉਹ ਦੇ ਬਲਦ, ਨਾ ਉਹ ਦੇ ਖੋਤੇ ਅਤੇ ਨਾ ਆਪਣੇ ਗੁਆਂਢੀ ਦੀ ਕਿਸੇ ਚੀਜ਼ ਦੀ।

ਬਿਵਸਥਾ ਸਾਰ 5:7–21

**ਯਹੋਵਾਹ ਦੀਆਂ ਅੱਖਾਂ ਸਭਨੀਂ ਥਾਈਂ ਲੱਗੀਆਂ ਰਹਿੰਦੀਆਂ ਹਨ, ਅਤੇ ਬੁਰੇ ਭਲੇ ਦੋਹਾਂ ਨੂੰ ਤੱਕਦੀਆਂ ਹਨ।** ਕਹਾਉਤਾਂ 15:3

**ਕਿਉਂ ਜੋ ਉਸ ਦੀਆਂ ਅੱਖਾਂ ਮਨੁੱਖ ਦੇ ਮਾਰਗਾਂ ਉੱਤੇ ਹਨ, ਉਹ ਉਸ ਦੇ ਸਾਰੇ ਕਦਮਾਂ ਨੂੰ ਵੇਖਦਾ ਹੈ। ਨਾ ਕੋਈ ਅਨ੍ਹੇਰ ਨਾ ਮੌਤ ਦਾ ਪਰਛਾਵਾਂ ਹੈ, ਜਿੱਥੇ ਕੁਕਰਮੀ ਲੁਕ ਜਾਣ।**

ਅੱਯੂਬ 34:21, 22

**ਕੁਝ ਓਹਲੇ ਤਾਂ ਨਹੀਂ ਜੋ ਪਰਗਟ ਨਾ ਹੋਵੇਗਾ ਅਤੇ ਕੁਝ ਲੁਕਿਆ ਨਹੀਂ ਜੋ ਜਾਣਿਆ ਨਾ ਜਾਵੇ ਅਤੇ ਉਜਾਗਰ ਨਾ ਹੋਵੇ।** ਲੂਕਾ 8:17

**ਅਤੇ ਏਹ ਸਦੀਪਕ ਸਜ਼ਾ ਵਿੱਚ ਜਾਣਗੇ ਪਰ ਧਰਮੀ ਸਦੀਪਕ ਜੀਉਣ ਵਿੱਚ।**
ਮੱਤੀ 25:46

**ਮਨੁੱਖ ਦਾ ਪੁੱਤਰ ਆਪਣਿਆਂ ਦੂਤਾਂ ਨੂੰ ਘੱਲੇਗਾ ਅਤੇ ਓਹ ਉਸ ਦੇ ਰਾਜ ਵਿੱਚੋਂ ਸਾਰੀਆਂ ਠੋਕਰ ਖੁਆਉਣ ਵਾਲੀਆਂ ਚੀਜ਼ਾਂ ਨੂੰ ਅਤੇ ਕੁਕਰਮੀਆਂ ਨੂੰ ਇਕੱਠਿਆਂ ਕਰਨਗੇ।ਅਤੇ ਉਨ੍ਹਾਂ ਨੂੰ ਭਖਦੇ ਭੱਠੇ ਵਿੱਚ ਸੁੱਟ ਦੇਣਗੇ। ਉੱਥੇ ਰੋਣਾ ਅਰ ਕਚੀਚੀਆਂ ਵੱਟਣਾ ਹੋਵੇਗਾ।**
ਮੱਤੀ 13:41, 42

**ਦੁਸ਼ਟ ਪਤਾਲ ਵਿੱਚ ਮੁੜ ਜਾਣਗੇ, ਓਹ ਸਾਰੀਆਂ ਕੌਮਾਂ ਜਿਹੜੀਆਂ ਪਰਮੇਸ਼ਰ ਨੂੰ ਵਿਸਾਰ ਦਿੰਦੀਆਂ ਹਨ।**
ਜ਼ਬੂਰ 9:17

# ਨਿਆਉਂ ਅੱਗੇ ਹੈ

**ਕਿਉਂ ਜੋ ਉਸ ਨੇ ਇੱਕ ਦਿਨ ਠਹਿਰਾ ਛੱਡਿਆ ਹੈ ਜਿਹ ਦੇ ਵਿੱਚ ਉਹ ਸਚਿਆਈ ਨਾਲ ਸੰਸਾਰ ਦਾ ਨਿਆਉਂ ਕਰੇਗਾ ਓਸ ਮਨੁੱਖ ਦੇ ਰਾਹੀਂ ਜਿਹ ਨੂੰ ਉਸ ਨੇ ਠਹਿਰਾਇਆ ਅਤੇ ਉਹ ਨੂੰ ਮੁਰਦਿਆਂ ਵਿੱਚੋਂ ਜਿਵਾਲ ਕੇ ਇਹ ਗੱਲ ਸਭਨਾਂ ਉੱਤੇ ਸਾਬਤ ਕਰ ਦਿੱਤੀ ਹੈ।**

ਰਸੂਲਾਂ. 17:31

**ਸੋ ਸਾਡੇ ਵਿੱਚੋਂ ਹਰੇਕ ਨੇ ਪਰਮੇਸ਼ਰ ਨੂੰ ਆਪੋ ਆਪਣਾ ਲੇਖਾ ਦੇਣਾ ਹੈ।**

ਰੋਮੀਆਂ 14:12

**ਪ੍ਰੇਮ ਸਾਡੇ ਵਿੱਚ ਇਸ ਤੋਂ ਸੰਪੂਰਨ ਹੋਇਆ ਹੈ ਭਈ ਨਿਆਉਂ ਦੇ ਦਿਨ ਸਾਨੂੰ ਦਿਲੇਰੀ ਹੋਵੇ ਕਿਉਂਕਿ ਜਿਵੇਂ ਉਹ ਹੈ ਤਿਵੇਂ ਅਸੀਂ ਵੀ ਇਸ ਸੰਸਾਰ ਵਿੱਚ ਹਾਂ।**

1 ਯੂਹੰਨਾ 4:17

**ਸੋ ਇਹ ਤਾਂ ਨਾ ਚਾਹੁਣ ਵਾਲੇ ਦਾ, ਨਾ ਦੌੜ ਭੱਜ ਕਰਨ ਵਾਲੇ ਦਾ, ਸਗੋਂ ਪਰਮੇਸ਼ੁਰ ਦਾ ਕੰਮ ਹੈ ਜਿਹੜਾ ਦਯਾ ਕਰਦਾ ਹੈ।** ਰੋਮੀਆਂ 9:16

**. . .ਇਸ ਲਈ ਜੋ ਪਰਮੇਸ਼ੁਰ ਹੰਕਾਰੀਆਂ ਦਾ ਸਾਹਮਣਾ ਕਰਦਾ ਪਰ ਹਲੀਮਾਂ ਨੂੰ ਕਿਰਪਾ ਬਖ਼ਸ਼ਦਾ ਹੈ।** 1 ਪਤਰਸ 5:5

**ਕਿਉਂਕਿ ਤੁਸੀਂ ਸਾਡੇ ਪ੍ਰਭੂ ਯਿਸੂ ਮਸੀਹ ਦੀ ਕਿਰਪਾ ਨੂੰ ਜਾਣਦੇ ਹੋ ਜੋ ਭਾਵੇਂ ਉਹ ਧਨੀ ਸੀ ਪਰ ਤੁਹਾਡੇ ਲਈ ਨਿਰਧਨ ਬਣਿਆ ਭਈ ਤੁਸੀਂ ਉਹ ਦੀ ਨਿਰਧਨਤਾਈ ਤੋਂ ਧਨੀ ਹੋ ਜਾਓ।** 2 ਕੁਰਿੰਥੀਆਂ 8:9

**ਇਸ ਲਈ ਤੋਬਾ ਕਰੋ ਅਤੇ ਮੁੜੋ ਭਈ ਤੁਹਾਡੇ ਪਾਪ ਮਿਟਾਏ ਜਾਣ ਤਾਂ ਜੋ ਪ੍ਰਭੂ ਦੇ ਹਜ਼ੂਰੋਂ ਸੁਖ ਦੇ ਦਿਨ ਆਉਣ।** ਰਸੂਲਾਂ. 3:19

**ਤੋਬਾ ਕਰੋ ਕਿਉਂ ਜੋ ਸੁਰਗ ਦਾ ਰਾਜ ਨੇੜਾ ਆਇਆ ਹੈ।** ਮੱਤੀ 3:2

**ਕਿਉਂ ਜੋ ਪਰਮੇਸ਼ੁਰ ਜੋਗ ਉਦਾਸੀ ਮੁਕਤੀ ਲਈ ਅਜਿਹੀ ਤੋਬਾ ਪੈਦਾ ਕਰਦੀ ਹੈ ਜਿਸ ਤੋਂ ਕੋਈ ਨਹੀਂ ਪਛਤਾਉਂਦਾ ਪਰ ਸੰਸਾਰ ਦੀ ਉਦਾਸੀ ਮੌਤ ਨੂੰ ਪੈਦਾ ਕਰਦੀ ਹੈ।** 2 ਕੁਰਿੰਥੀਆਂ 7:10

**ਮੈਂ ਤੁਹਾਨੂੰ ਆਖਦਾ ਹਾਂ, ਨਹੀਂ ਪਰ ਜੇ ਤੁਸੀਂ ਤੋਬਾ ਨਾ ਕਰੋ ਤਾਂ ਤੁਸਾਂ ਸਭਨਾਂ ਦਾ ਇਸੇ ਤਰਾਂ ਨਾਸ ਹੋ ਜਾਵੇਗਾ।** ਲੂਕਾ 13:3

**ਕਿਉਂਕਿ ਜੇ ਤੁਸੀਂ ਮਨੁੱਖਾਂ ਨੂੰ ਉਨ੍ਹਾਂ ਦੇ ਅਪਰਾਧ ਮਾਫ਼ ਕਰ ਦਿਓ ਤਾਂ ਤੁਹਾਡਾ ਸੁਰਗੀ ਪਿਤਾ ਤੁਹਾਨੂੰ ਵੀ ਮਾਫ਼ ਕਰ ਦੇਵੇਗਾ।** ਮੱਤੀ 6:14

**ਵੇਖ, ਮੈਂ ਬੂਹੇ ਉੱਤੇ ਖਲੋਤਾ ਅਤੇ ਖੜਕਾਉਂਦਾ ਹਾਂ। ਜੇ ਕੋਈ ਮੇਰੀ ਅਵਾਜ਼ ਸੁਣੇ ਅਤੇ ਬੂਹਾ ਖੋਲ੍ਹ ਦੇਵੇ ਤਾਂ ਮੈਂ ਉਹ ਦੇ ਕੋਲ ਅੰਦਰ ਜਾਵਾਂਗਾ ਅਤੇ ਉਹ ਦੇ ਨਾਲ ਭੋਜਨ ਛਕਾਂਗਾ ਅਤੇ ਉਹ ਮੇਰੇ ਨਾਲ ਛਕੇਗਾ।** ਪਰਕਾਸ਼. 3:20

**ਦੁਸ਼ਟ ਆਪਣੇ ਰਾਹ ਨੂੰ ਤਿਆਗੇ, ਅਤੇ ਬੁਰਿਆਰ ਆਪਣੇ ਖਿਆਲਾਂ ਨੂੰ, ਉਹ ਯਹੋਵਾਹ ਵੱਲ ਮੁੜੇ ਅਤੇ ਉਹ ਉਸ ਤੇ ਰਹਮ ਕਰੇਗਾ, ਅਤੇ ਸਾਡੇ ਪਰਮੇਸ਼ੁਰ ਵੱਲ ਜੋ ਅੱਤ ਦਿਆਲੂ ਹੈ।** ਯਸਾਯਾਹ 55:7

**ਅਤੇ ਅਨ੍ਹੇਰੇ ਦੇ ਅਫ਼ਲ ਕਾਰਜਾਂ ਦੇ ਵਿੱਚ ਸਾਂਝੀ ਨਾ ਹੋਵੋ, ਪਰ ਉਨ੍ਹਾਂ ਨੂੰ ਨੰਗਿਆਂ ਕਰੋ।**

ਅਫ਼ਸੀਆਂ 5:11

**ਉਤਾਹਾਂ ਦੀਆਂ ਗੱਲਾਂ ਉੱਤੇ ਚਿੱਤ ਲਾਓ, ਨਾ ਉਨ੍ਹਾਂ ਉੱਤੇ ਜਿਹੜੀਆਂ ਧਰਤੀ ਉੱਪਰ ਹਨ।**

ਕੁਲੁੱਸੀਆਂ 3:2

**ਸੰਸਾਰ ਨਾਲ ਮੋਹ ਨਾ ਰੱਖੋ, ਨਾ ਉਨ੍ਹਾਂ ਵਸਤਾਂ ਨਾਲ ਜੋ ਸੰਸਾਰ ਵਿੱਚ ਹਨ। ਜੇ ਕੋਈ ਸੰਸਾਰ ਨਾਲ ਮੋਹ ਰੱਖਦਾ ਹੋਵੇ ਤਾਂ ਉਹ ਦੇ ਵਿੱਚ ਪਿਤਾ ਦਾ ਪ੍ਰੇਮ ਨਹੀਂ। ਕਿਉਂਕਿ ਸੱਭੋ ਕੁਝ ਜੋ ਸੰਸਾਰ ਵਿੱਚ ਹੈ ਅਰਥਾਤ ਸਰੀਰ ਦੀ ਕਾਮਨਾ ਅਤੇ ਨੇਤਰਾਂ ਦੀ ਕਾਮਨਾ ਅਤੇ ਜੀਵਨ ਦਾ ਅਭਮਾਨ ਸੋ ਪਿਤਾ ਤੋਂ ਨਹੀਂ ਸਗੋਂ ਸੰਸਾਰ ਤੋਂ ਹੈ।** 1 ਯੂਹੰਨਾ 2:15-16

**ਯਿਸੂ ਨੇ ਉਹ ਨੂੰ ਉੱਤਰ ਦਿੱਤਾ, ਮੈਂ ਤੈਨੂੰ ਸੱਚ ਸੱਚ ਆਖਦਾ ਹਾਂ ਕਿ ਕੋਈ ਮਨੁੱਖ ਜੇਕਰ ਨਵੇਂ ਸਿਰਿਓਂ ਨਾ ਜੰਮੇ ਪਰਮੇਸ਼ੁਰ ਦੇ ਰਾਜ ਨੂੰ ਵੇਖ ਨਹੀਂ ਸੱਕਦਾ।** ਯੂਹੰਨਾ 3:3

**ਕਿਉਂ ਜੋ ਤੁਸੀਂ ਨਾਸਵਾਨ ਤੁਖਮ ਤੋਂ ਨਹੀਂ ਸਗੋਂ ਅਵਨਾਸੀ ਤੋਂ ਪਰਮੇਸ਼ੁਰ ਦੇ ਬਚਨ ਰਾਹੀਂ ਜਿਹੜਾ ਜੀਉਂਦਾ ਅਤੇ ਇਸਥਿਰ ਹੈ ਨਵੇਂ ਸਿਰਿਓਂ ਜਨਮੇ ਹੋ।** 1 ਪਤਰਸ 1:23

**ਅਸੀਂ ਜਾਣਦੇ ਹਾਂ ਭਈ ਹਰ ਕੋਈ ਜਿਹੜਾ ਪਰਮੇਸ਼ੁਰ ਤੋਂ ਜੰਮਿਆ ਹੈ ਸੋ ਪਾਪ ਨਹੀਂ ਕਰਦਾ ਸਗੋਂ ਜਿਹੜਾ ਪਰਮੇਸ਼ੁਰ ਤੋਂ ਜੰਮਿਆ ਸੀ ਉਹ ਉਸ ਦੀ ਰੱਛਿਆ ਕਰਦਾ ਹੈ ਅਤੇ ਉਹ ਦੁਸ਼ਟ ਉਸ ਨੂੰ ਹੱਥ ਨਹੀਂ ਲਾਉਂਦਾ।** 1 ਯੂਹੰਨਾ 5:18

**ਉਹ ਨੇ ਤੁਹਾਨੂੰ ਵੀ ਜਾਂ ਤੁਸੀਂ ਆਪਣੇ ਅਪਰਾਧਾਂ ਅਤੇ ਪਾਪਾਂ ਦੇ ਕਾਰਨ ਮੁਰਦੇ ਸਾਓ ਜਿਵਾਲਿਆ. . . ਅਤੇ ਉਹ ਨੇ ਸਾਨੂੰ ਉਸ ਦੇ ਨਾਲ ਉਠਾਇਆ ਅਰ ਸਾਨੂੰ ਮਸੀਹ ਯਿਸੂ ਵਿੱਚ ਸੁਰਗੀ ਥਾਵਾਂ ਉੱਤੇ ਉਸ ਦੇ ਨਾਲ ਬਹਾਲਿਆ।** ਅਫ਼ਸੀਆਂ 2:1, 6

**ਕਦੇ ਨਹੀਂ ! ਅਸੀਂ ਜਿਹੜੇ ਪਾਪ ਦੀ ਵੱਲੋਂ ਮੋਏ ਹੁਣ ਅਗਾਹਾਂ ਨੂੰ ਓਸ ਵਿੱਚ ਕਿੱਕੁਰ ਜੀਵਨ ਕੱਟੀਏ?. . .ਇਸੇ ਤਰਾਂ ਤੁਸੀਂ ਭੀ ਆਪ ਆਪਣੇ ਨੂੰ ਪਾਪ ਦੀ ਵੱਲੋਂ ਮੋਏ ਹੋਏ ਪਰ ਮਸੀਹ ਯਿਸੂ ਵਿੱਚ ਪਰਮੇਸ਼ੁਰ ਲਈ ਜੀਉਂਦੇ ਸਮਝੋ।** ਰੋਮੀਆਂ 6:2, 11

**ਅਤੇ ਸਦੀਪਕ ਜੀਉਣ ਇਹ ਹੈ ਕਿ ਓਹ ਤੈਨੂੰ ਜੋ ਸੱਚਾ ਵਾਹਿਦ ਪਰਮੇਸ਼ੁਰ ਹੈ ਅਤੇ ਯਿਸੂ ਮਸੀਹ ਨੂੰ ਜਿਹ ਨੂੰ ਤੈਂ ਘੱਲਿਆ ਜਾਣਨ।** ਯੂਹੰਨਾ 17:3

**ਮੈਂ ਤੁਹਾਨੂੰ ਸੱਚ ਸੱਚ ਆਖਦਾ ਹਾਂ ਕਿ ਜੋ ਮੇਰਾ ਬਚਨ ਸੁਣਦਾ ਅਤੇ ਉਹ ਦੀ ਪਰਤੀਤ ਕਰਦਾ ਹੈ ਜਿਨ੍ਹ ਮੈਨੂੰ ਘੱਲਿਆ ਸਦੀਪਕ ਜੀਉਣ ਉਹ ਦਾ ਹੈ ਅਰ ਉਸ ਉੱਤੇ ਸਜ਼ਾ ਦਾ ਹੁਕਮ ਨਹੀਂ ਹੁੰਦਾ ਸਗੋਂ ਮੌਤ ਤੋਂ ਪਾਰ ਲੰਘ ਕੇ ਉਹ ਜੀਉਣ ਵਿੱਚ ਜਾ ਪਹੁੰਚਿਆ ਹੈ।**
ਯੂਹੰਨਾ 5:24

**ਪਾਪ ਦੀ ਮਜੂਰੀ ਤਾਂ ਮੌਤ ਹੈ ਪਰ ਪਰਮੇਸ਼ੁਰ ਦੀ ਬਖ਼ਸ਼ੀਸ਼ ਮਸੀਹ ਯਿਸੂ ਸਾਡੇ ਪ੍ਰਭੂ ਦੇ ਵਿੱਚ ਸਦੀਪਕ ਜੀਵਨ ਹੈ।** ਰੋਮੀਆਂ 6:23

**ਅਤੇ ਉਹ ਸਾਖੀ ਇਹ ਹੈ ਭਈ ਪਰਮੇਸ਼ੁਰ ਨੇ ਸਾਨੂੰ ਸਦੀਪਕ ਜੀਵਨ ਦਿੱਤਾ ਅਤੇ ਇਹ ਜੀਵਨ ਉਹ ਦੇ ਪੁੱਤਰ ਵਿੱਚ ਹੈ। ਜਿਹ ਦੇ ਕੋਲ ਹੈ ਉਹ ਦੇ ਕੋਲ ਜੀਵਨ ਹੈ। ਜਿਹ ਦੇ ਕੋਲ ਪਰਮੇਸ਼ੁਰ ਦਾ ਪੁੱਤਰ ਨਹੀਂ ਹੈ ਉਹ ਦੇ ਕੋਲ ਜੀਵਨ ਵੀ ਨਹੀਂ। ਇਹ ਗੱਲਾਂ ਮੈਂ ਤੁਹਾਨੂੰ ਇਸ ਲਈ ਲਿਖੀਆਂ ਅਰਥਾਤ ਤੁਹਾਨੂੰ ਜਿਹੜੇ ਪਰਮੇਸ਼ੁਰ ਦੇ ਪੁੱਤਰ ਦੇ ਨਾਮ ਉੱਤੇ ਨਿਹਚਾ ਕਰਦੇ ਹੋ ਭਈ ਤੁਸੀਂ ਜਾਣੋ ਜੋ ਸਦੀਪਕ ਜੀਵਨ ਤੁਹਾਨੂੰ ਮਿਲਿਆ ਹੈ।** 1 ਯੂਹੰਨਾ 5:11-13

**ਜਿਹ ਦੇ ਕੋਲ ਮੇਰੇ ਹੁਕਮ ਹਨ ਅਤੇ ਉਹ ਉਨ੍ਹਾਂ ਦੀ ਪਾਲਨਾ ਕਰਦਾ ਹੈ ਸੋਈ ਹੈ ਜੋ ਮੈਨੂੰ ਪਿਆਰ ਕਰਦਾ ਹੈ, ਅਤੇ ਜਿਹੜਾ ਮੈਨੂੰ ਪਿਆਰ ਕਰਦਾ ਹੈ ਉਹ ਮੇਰੇ ਪਿਤਾ ਦਾ ਪਿਆਰਾ ਹੋਵੇਗਾ ਅਰ ਮੈਂ ਉਹ ਦੇ ਨਾਲ ਪਿਆਰ ਕਰਾਂਗਾ ਅਤੇ ਆਪਣੇ ਤਾਈਂ ਉਸ ਉੱਤੇ ਪਰਗਟ ਕਰਾਂਗਾ।** ਯੂਹੰਨਾ 14:21

**ਤੂੰ ਮੈਨੂੰ ਜੀਉਣ ਦਾ ਮਾਰਗ ਵਿਖਾਵੇਂਗਾ, ਤੇਰੇ ਹਜ਼ੂਰ ਅਨੰਦ ਦੀ ਭਰਪੂਰੀ ਹੈ, ਤੇਰੇ ਸੱਜੇ ਹੱਥ ਖੁਸ਼ੀਆਂ ਹੁੰਦੀਆਂ ਹਨ।** ਜ਼ਬੂਰ 16:11

**ਮੈਂ ਮਸੀਹ ਦੇ ਲਈ ਸਲੀਬ ਦਿੱਤਾ ਗਿਆ ਹਾਂ ਪਰ ਹੁਣ ਤੋਂ ਮੈਂ ਤਾਂ ਨਹੀਂ ਜੀਉਂਦਾ ਮਸੀਹ ਮੇਰੇ ਵਿੱਚ ਜੀਉਂਦਾ ਹੈ ਅਤੇ ਹੁਣ ਜਿਹੜਾ ਜੀਵਨ ਸਰੀਰ ਵਿੱਚ ਭੋਗਦਾ ਹਾਂ ਸੋ ਪਰਮੇਸ਼ੁਰ ਦੇ ਪੁੱਤਰ ਉੱਤੇ ਨਿਹਚਾ ਨਾਲ ਭੋਗਦਾ ਹਾਂ ਜਿਹ ਨੇ ਮੇਰੇ ਨਾਲ ਪ੍ਰੇਮ ਕੀਤਾ ਅਤੇ ਆਪਣੇ ਆਪ ਨੂੰ ਮੇਰੇ ਲਈ ਦੇ ਦਿੱਤਾ।** ਗਲਾਤੀਆਂ 2:20

# ਪ੍ਰਭੂ ਦੇ ਆਗਿਆਕਾਰੀ ਰਹਿਣਾ ਜਰੂਰੀ ਹੈ

**ਭਲਾ, ਤੁਸੀਂ ਨਹੀਂ ਜਾਣਦੇ ਹੋ ਭਈ ਆਗਿਆ ਮੰਨਣ ਲਈ ਜਿਹ ਦੇ ਹੱਥ ਤੁਸੀਂ ਆਪਣੇ ਆਪ ਨੂੰ ਦਾਸ ਬਣਾ ਕੇ ਸੌਂਪ ਦਿੰਦੇ ਹੋ ਤੁਸੀਂ ਉਸੇ ਦੇ ਦਾਸ ਹੋ ਜਿਹ ਦੀ ਆਗਿਆ ਮੰਨਦੇ ਹੋ ਭਾਵੇਂ ਮੌਤ ਲਈ ਪਾਪ ਦੇ, ਭਾਵੇਂ ਧਰਮ ਲਈ ਆਗਿਆਕਾਰੀ ਦੇ।**

ਰੋਮੀਆਂ 6:16

**ਅਤੇ ਤੁਹਾਨੂੰ ਜਿਹੜੇ ਦੁੱਖ ਪਾਉਂਦੇ ਹੋ ਸਾਡੇ ਨਾਲ ਸੁਖ ਦੇਵੇ ਉਸ ਸਮੇਂ ਜਾਂ ਪ੍ਰਭੂ ਯਿਸੂ ਆਪਣੇ ਬਲਵੰਤ ਦੂਤਾਂ ਸਣੇ ਭੜਕਦੀ ਅੱਗ ਵਿੱਚ ਅਕਾਸ਼ੋਂ ਪਰਗਟ ਹੋਵੇਗਾ। ਅਤੇ ਜਿਹੜੇ ਪਰਮੇਸ਼ੁਰ ਨੂੰ ਨਹੀਂ ਜਾਣਦੇ ਅਤੇ ਸਾਡੇ ਪ੍ਰਭੂ ਯਿਸੂ ਦੀ ਇੰਜੀਲ ਨੂੰ ਨਹੀਂ ਮੰਨਦੇ ਓਹਨਾਂ ਨੂੰ ਬਦਲਾ ਦੇਵੇਗਾ। ਓਹ ਸਜ਼ਾ ਭੋਗਣਗੇ ਅਰਥਾਤ ਪ੍ਰਭੂ ਦੇ ਹਜ਼ੂਰੋਂ ਅਤੇ ਉਹ ਦੀ ਸਮੱਰਥਾ ਦੇ ਤੇਜ ਤੋਂ ਸਦਾ ਦਾ ਵਿਨਾਸ।** 2 ਥੱਸਲੁਨੀਕੀਆਂ 1:7-9

**ਉਪਰੰਤ ਜੋ ਕੋਈ ਮਨੁੱਖਾਂ ਦੇ ਅੱਗੇ ਮੇਰਾ ਇਕਰਾਰ ਕਰੇਗਾ ਮੈਂ ਵੀ ਆਪਣੇ ਪਿਤਾ ਦੇ ਅੱਗੇ ਜਿਹੜਾ ਸੁਰਗ ਵਿੱਚ ਹੈ ਉਹ ਦਾ ਇਕਰਾਰ ਕਰਾਂਗਾ। ਪਰ ਜੋ ਕੋਈ ਮਨੁੱਖਾਂ ਦੇ ਅੱਗੇ ਮੇਰਾ ਇਨਕਾਰ ਕਰੇਗਾ ਮੈਂ ਵੀ ਆਪਣੇ ਪਿਤਾ ਦੇ ਅੱਗੇ ਜਿਹੜਾ ਸੁਰਗ ਵਿੱਚ ਹੈ ਉਹ ਦਾ ਇਨਕਾਰ ਕਰਾਂਗਾ।**

ਮੱਤੀ 10:32, 33

**ਕਿਉਂਕਿ ਜੇ ਤੂੰ ਆਪਣੇ ਮੂੰਹ ਨਾਲ ਪ੍ਰਭੂ ਯਿਸੂ ਦਾ ਇਕਰਾਰ ਕਰੇਂ ਅਤੇ ਆਪਣੇ ਹਿਰਦੇ ਨਾਲ ਮੰਨ ਲਵੇਂ ਜੋ ਪਰਮੇਸ਼ੁਰ ਨੇ ਉਹ ਨੂੰ ਮੁਰਦਿਆਂ ਵਿੱਚੋਂ ਜਿਵਾਲਿਆ ਤਾਂ ਤੂੰ ਬਚਾਇਆ ਜਾਵੇਂਗਾ। ਧਰਮ ਲਈ ਤਾਂ ਹਿਰਦੇ ਨਾਲ ਨਿਹਚਾ ਕਰੀਦੀ ਅਤੇ ਮੁਕਤੀ ਲਈ ਮੂੰਹ ਨਾਲ ਇਕਰਾਰ ਕਰੀਦਾ ਹੈ।**

ਰੋਮੀਆਂ 10:9-10

**ਤਦ ਯਿਸੂ ਆਤਮਾ ਦੀ ਅਗਵਾਈ ਨਾਲ ਉਜਾੜ ਵਿੱਚ ਗਿਆ ਭਈ ਸ਼ਤਾਨ ਕੋਲੋਂ ਪਰਤਾਇਆ ਜਾਵੇ। . . .ਤਦੋਂ ਯਿਸੂ ਨੇ ਉਸ ਨੂੰ ਕਿਹਾ, ਹੇ ਸ਼ਤਾਨ ਚੱਲਿਆ ਜਾਹ! ਕਿਉਂ ਜੋ ਲਿਖਿਆ ਹੈ ਭਈ ਤੂੰ ਆਪਣੇ ਪਰਮੇਸ਼ੁਰ ਨੂੰ ਮੱਥਾ ਟੇਕ ਅਤੇ ਉਸੇ ਇਕੱਲੇ ਦੀ ਉਪਾਸਨਾ ਕਰ। ਤਦ ਸ਼ਤਾਨ ਉਹ ਨੂੰ ਛੱਡ ਗਿਆ ਅਤੇ ਵੇਖੋ ਦੂਤ ਕੋਲ ਆਣ ਕੇ ਉਹ ਦੀ ਟਹਿਲ ਕਰਨ ਲੱਗੇ।** ਮੱਤੀ 4:1, 10–11

**ਸੁਚੇਤ ਹੋਵੋ, ਜਾਗਦੇ ਰਹੋ! ਤੁਹਾਡਾ ਵਿਰੋਧੀ ਸ਼ਤਾਨ ਬੁੱਕਦੇ ਸੀਂਹ ਵਾਂਙੁ ਭਾਲਦਾ ਫਿਰਦਾ ਹੈ ਭਈ ਕਿਹ ਨੂੰ ਪਾੜ ਖਾਵਾਂ।** 1 ਪਤਰਸ 5:8

**ਸੋ ਜਦ ਬਾਲਕ ਲਹੂ ਅਤੇ ਮਾਸ ਦੇ ਵਿੱਚ ਸਾਂਝੀ ਹੁੰਦੇ ਹਨ ਤਾਂ ਉਨ੍ਹਾਂ ਵਾਂਙੁ ਉਹ ਆਪ ਵੀ ਇਨ੍ਹਾਂ ਹੀ ਵਿੱਚ ਭਿਆਲ ਬਣਿਆ ਤਾਂ ਜੋ ਮੌਤ ਦੇ ਰਾਹੀਂ ਉਹ ਉਸ ਨੂੰ ਜਿਹ ਦੇ ਵੱਸ ਵਿੱਚ ਮੌਤ ਹੈ ਅਰਥਾਤ ਸ਼ਤਾਨ ਨੂੰ ਨਾਸ ਕਰੇ।** ਇਬਰਾਨੀਆਂ 2:14

**ਜਿਹੜਾ ਪਾਪ ਕਰਦਾ ਹੈ ਉਹ ਸ਼ਤਾਨ ਤੋਂ ਹੈ ਕਿਉਂ ਜੋ ਸ਼ਤਾਨ ਮੁੱਢੋਂ ਹੀ ਪਾਪ ਕਰਦਾ ਆਇਆ ਹੈ। ਪਰਮੇਸ਼ੁਰ ਦਾ ਪੁੱਤਰ ਇਸੇ ਲਈ ਪਰਗਟ ਹੋਇਆ ਭਈ ਸ਼ਤਾਨ ਦੇ ਕੰਮਾਂ ਨੂੰ ਨਸ਼ਟ ਕਰੇ।** 1 ਯੂਹੰਨਾ 3:8

**ਉਪਰੰਤ ਤੁਸੀਂ ਪਰਮੇਸ਼ੁਰ ਦੇ ਅਧੀਨ ਹੋਵੋ। ਪਰ ਸ਼ਤਾਨ ਦਾ ਸਾਹਮਣਾ ਕਰੋ ਤਾਂ ਉਹ ਤੁਹਾਡੇ ਕੋਲੋਂ ਭੱਜ ਜਾਵੇਗਾ। ਪਰਮੇਸ਼ੁਰ ਦੇ ਨੇੜੇ ਜਾਓ ਤਾਂ ਉਹ ਤੁਹਾਡੇ ਨੇੜੇ ਆਵੇਗਾ। ਹੇ ਪਾਪੀਓ, ਆਪਣੇ ਹੱਥ ਸ਼ੁੱਧ ਕਰੋ ਅਤੇ ਹੇ ਦੁਚਿੱਤਿਓ, ਆਪਣੇ ਦਿਲਾਂ ਨੂੰ ਪਵਿੱਤਰ ਕਰੋ।**
ਯਾਕੂਬ 4:7, 8

**ਜੇ ਤੁਸੀਂ ਆਪੋ ਵਿੱਚ ਪ੍ਰੇਮ ਰੱਖੋ ਤਾਂ ਇਸੇ ਤੋਂ ਸਭ ਜਾਣਨਗੇ ਭਈ ਤੁਸੀਂ ਮੇਰੇ ਚੇਲੇ ਹੋ।**

ਯੂਹੰਨਾ 13:35

**ਜੇ ਕੋਈ ਆਖੇ ਭਈ ਮੈਂ ਪਰਮੇਸ਼ੁਰ ਨਾਲ ਪ੍ਰੇਮ ਰੱਖਦਾ ਹਾਂ ਅਤੇ ਆਪਣੇ ਭਰਾ ਨਾਲ ਵੈਰ ਰੱਖੇ ਤਾਂ ਉਹ ਝੂਠਾ ਹੈ ਕਿਉਂਕਿ ਜਿਹੜਾ ਆਪਣੇ ਭਰਾ ਨਾਲ ਜਿਸ ਨੂੰ ਉਹ ਨੇ ਵੇਖਿਆ ਹੈ ਪ੍ਰੇਮ ਨਹੀਂ ਰੱਖਦਾ ਉਹ ਪਰਮੇਸ਼ੁਰ ਨਾਲ ਜਿਸ ਨੂੰ ਉਹ ਨੇ ਨਹੀਂ ਵੇਖਿਆ ਪ੍ਰੇਮ ਰੱਖ ਹੀ ਨਹੀਂ ਸੱਕਦਾ।**

1 ਯੂਹੰਨਾ 4:20

**ਪਰ ਆਤਮਾ ਦਾ ਫਲ ਇਹ ਹੈ–ਪ੍ਰੇਮ, ਅਨੰਦ, ਸ਼ਾਂਤੀ, ਧੀਰਜ, ਦਿਆਲਗੀ, ਭਲਿਆਈ, ਵਫ਼ਾਦਾਰੀ, ਨਰਮਾਈ, ਸੰਜਮ। ਇਹੋ ਜੇਹੀਆਂ ਗੱਲਾਂ ਦੇ ਵਿਰੋਧ ਕੋਈ ਸ਼ਰਾ ਨਹੀਂ ਹੈ।**

ਗਲਾਤੀਆਂ 5:22, 23

**ਜਿਹੜਾ ਸਾਡੇ ਅਪਰਾਧਾ ਦੇ ਕਾਰਨ ਫੜਾਇਆ ਗਿਆ ਅਤੇ ਸਾਨੂੰ ਧਰਮੀ ਠਹਿਰਾਉਣ ਦੇ ਲਈ ਜਿਵਾਲਿਆ ਗਿਆ।** ਰੋਮੀਆਂ 4:25

**ਅੱਠਾਂ ਦਿਨਾਂ ਪਿੱਛੋਂ ਉਹ ਦੇ ਚੇਲੇ ਫੇਰ ਅੰਦਰ ਸਨ ਅਤੇ ਥੋਮਾ ਉਨ੍ਹਾਂ ਦੇ ਨਾਲ ਸੀ। ਬੂਹੇ ਵੱਜੇ ਹੋਏ ਯਿਸੂ ਆਇਆ ਅਤੇ ਵਿਚਕਾਰ ਖਲੋ ਕੇ ਬੋਲਿਆ, ਤੁਹਾਡੀ ਸ਼ਾਂਤੀ ਹੋਵੇ। ਫੇਰ ਉਹ ਨੇ ਥੋਮਾ ਨੂੰ ਆਖਿਆ, ਆਪਣੀ ਉਂਗਲ ਉਰੇ ਕਰ ਅਤੇ ਮੇਰੇ ਹੱਥਾਂ ਨੂੰ ਵੇਖ ਅਰ ਆਪਣਾ ਹੱਥ ਉਰੇ ਕਰ ਕੇ ਮੇਰੀ ਵੱਖੀ ਵਿੱਚ ਵਾੜ ਅਤੇ ਬੇਪਰਤੀਤਾ ਨਾ ਹੋ ਸਗੋਂ ਪਰਤੀਤਮਾਨ ਹੋ। ਥੋਮਾ ਨੇ ਉਹਨੂੰ ਉੱਤਰ ਦਿੱਤਾ, ਹੇ ਮੇਰੇ ਪ੍ਰਭੂ ਅਤੇ ਮੇਰੇ ਪਰਮੇਸ਼ੁਰ !**

ਯੂਹੰਨਾ 20:26-28

**ਅਥਵਾ ਤੁਸੀਂ ਇਸ ਗੱਲ ਤੋਂ ਅਣਜਾਣ ਹੋ ਭਈ ਸਾਡੇ ਵਿੱਚੋਂ ਜਿਨ੍ਹਾਂ ਨੇ ਮਸੀਹ ਯਿਸੂ ਦਾ ਬਪਤਿਸਮਾ ਲਿਆ ਉਹ ਦੀ ਮੌਤ ਦਾ ਬਪਤਿਸਮਾ ਲਿਆ? ਸੋ ਅਸੀਂ ਮੌਤ ਦਾ ਬਪਤਿਸਮਾ ਲੈਣ ਕਰਕੇ ਉਹ ਦੇ ਨਾਲ ਦੱਬੇ ਗਏ ਤਾਂ ਜੋ ਜਿਵੇਂ ਪਿਤਾ ਦੀ ਵਡਿਆਈ ਦੇ ਵਸੀਲੇ ਨਾਲ ਮਸੀਹ ਮੁਰਦਿਆਂ ਵਿੱਚੋਂ ਜਿਵਾਲਿਆ ਗਿਆ ਤਿਵੇਂ ਅਸੀਂ ਵੀ ਨਵੇਂ ਜੀਵਨ ਦੇ ਰਾਹ ਚੱਲੀਏ। ਜਦੋਂ ਅਸੀਂ ਉਹ ਦੀ ਮੌਤ ਦੀ ਸਮਾਨਤਾ ਵਿੱਚ ਉਹ ਦੇ ਨਾਲ ਜੋੜੇ ਗਏ ਤਾਂ ਉਹ ਦੇ ਜੀ ਉੱਠਣ ਦੀ ਸਮਾਨਤਾ ਵਿੱਚ ਵੀ ਹੋਵਾਂਗੇ।** ਰੋਮੀਆਂ 6:3-5

**ਭਈ ਉਹ ਸਾਨੂੰ ਇਹ ਬਖ਼ਸ਼ੇ ਜੋ ਅਸੀਂ ਆਪਣੇ ਵੈਰੀਆਂ ਦੇ ਹੱਥੋਂ ਛੁੱਟ ਕੇ। ਉਮਰ ਭਰ ਉਹ ਦੇ ਅੱਗੇ ਪਵਿੱਤਰਤਾਈ ਤੇ ਧਰਮ ਨਾਲ ਬੇਧੜਕ ਉਹ ਦੀ ਉਪਾਸਨਾ ਕਰੀਏ।**

ਲੂਕਾ 1:74, 75

**ਸਗੋਂ ਜਿਵੇਂ ਤੁਹਾਡਾ ਸੱਦਣ ਵਾਲਾ ਪਵਿੱਤਰ ਹੈ ਤੁਸੀਂ ਆਪ ਭੀ ਤਿਵੇਂ ਹੀ ਆਪਣੀ ਸਾਰੀ ਚਾਲ ਵਿੱਚ ਪਵਿੱਤਰ ਬਣੋ।** 1 ਪਤਰਸ 1:15

**ਮੈਂ ਤਾਂ ਤੁਹਾਨੂੰ ਤੋਬਾ ਦੇ ਲਈ ਪਾਣੀ ਨਾਲ ਬਪਤਿਸਮਾ ਦਿੰਦਾ ਹਾਂ ਪਰ ਜਿਹੜਾ ਮੇਰੇ ਪਿੱਛੇ ਆਉਣ ਵਾਲਾ ਹੈ ਉਹ ਮੈਥੋਂ ਬਲਵੰਤ ਹੈ ਅਤੇ ਮੈਂ ਉਹਦੀ ਜੁੱਤੀ ਚੁੱਕਣ ਦੇ ਜੋਗ ਨਹੀਂ ਹਾਂ, ਉਹ ਤੁਹਾਨੂੰ ਪਵਿੱਤਰ ਆਤਮਾ ਅਤੇ ਅੱਗ ਨਾਲ ਬਪਤਿਸਮਾ ਦੇਊ।**

2 ਪਤਰਸ 3:11

**ਪਰ ਤੁਸੀਂ ਸਰੀਰਕ ਨਹੀਂ ਸਗੋਂ ਆਤਮਕ ਹੋ ਪਰ ਤਦੇ ਜੇ ਪਰਮੇਸ਼ੁਰ ਦਾ ਆਤਮਾ ਤੁਹਾਡੇ ਵਿੱਚ ਵੱਸਦਾ ਹੋਵੇ ਪਰੰਤੂ ਜਿਹ ਦੇ ਵਿੱਚ ਮਸੀਹ ਦਾ ਆਤਮਾ ਨਹੀਂ ਹੈ ਸੋ ਉਹ ਓਹ ਦਾ ਨਹੀਂ ਹੈ।** ਰੋਮੀਆਂ 8:9

**ਜਦ ਓਹ ਬੇਨਤੀ ਕਰ ਹਟੇ ਤਾਂ ਉਹ ਥਾਂ ਜਿੱਥੇ ਓਹ ਇਕੱਠੇ ਹੋਏ ਸਨ ਹਿੱਲ ਗਿਆ ਅਤੇ ਸੱਭੇ ਪਵਿੱਤਰ ਆਤਮਾ ਨਾਲ ਭਰਪੂਰ ਹੋ ਗਏ ਅਰ ਪਰਮੇਸ਼ੁਰ ਦਾ ਬਚਨ ਦਲੇਰੀ ਨਾਲ ਸੁਣਾਉਣ ਲੱਗੇ।** ਰਸੂਲਾਂ 4:31

**ਪਰ ਜਾ ਪਵਿੱਤਰ ਆਤਮਾ ਤੁਹਾਡੇ ਉੱਤੇ ਆਵੇਗਾ ਤਾਂ ਤੁਸੀਂ ਸ਼ਕਤੀ ਪਾਓਗੇ ਅਤੇ . . .ਮੇਰੇ ਗਵਾਹ ਹੋਵੋਂਗੇ।** ਰਸੂਲਾਂ. 1:8

**ਏਹਨਾਂ ਸਭਨਾਂ ਨੂੰ ਮੇਰੇ ਹੱਥ ਨੇ ਬਣਾਇਆ ਹੈ, ਐਉਂ ਏਹ ਸਭ ਹੋ ਗਏ, ਯਹੋਵਾਹ ਦਾ ਵਾਕ ਹੈ। ਮੈਂ ਅਜੇਹੇ ਜਨ ਉੱਤੇ ਨਿਗਾਹ ਰੱਖਾਂਗਾ,—ਅਧੀਨ ਉੱਤੇ ਨਿਮਰ ਆਤਮਾ ਵਾਲੇ ਉੱਤੇ ਜੋ ਮੇਰੇ ਬਚਨ ਤੋਂ ਕੰਬ ਜਾਂਦਾ ਹੈ।** ਯਸਾਯਾਹ 66:2

**ਹੇ ਪਿਆਰਿਓ, ਜਿਹੜੀ ਬਿਪਤਾ ਦਾ ਲਾਂਬੂ ਤੁਹਾਨੂੰ ਪਰਖਣ ਲਈ ਤੁਹਾਡੇ ਉੱਤੇ ਪਿਆ ਹੋਇਆ ਹੈ ਉਹ ਨੂੰ ਅਚਰਜ ਨਾ ਮੰਨੋ ਭਈ ਜਿੱਕੁਰ ਤੁਹਾਡੇ ਨਾਲ ਕੋਈ ਅਣੋਖੀ ਗੱਲ ਪਈ ਬੀਤਦੀ ਹੈ। ਸਗੋਂ ਜਿੰਨੇਕੁ ਤੁਸੀਂ ਮਸੀਹ ਦੇ ਦੁੱਖਾਂ ਵਿੱਚ ਸਾਂਝੀ ਹੋ ਉੱਨਾਕੁ ਅਨੰਦ ਕਰੋ ਭਈ ਉਹ ਦੇ ਤੇਜ ਦੇ ਪਰਕਾਸ਼ ਹੋਣ ਦੇ ਵੇਲੇ ਭੀ ਤੁਸੀਂ ਡਾਢੇ ਅਨੰਦ ਨਾਲ ਨਿਹਾਲ ਹੋਵੋ।**

1 ਪਤਰਸ 4:12, 13

**ਅਰ ਸ਼ਾਂਤੀ ਦਾਤਾ ਪਰਮੇਸ਼ੁਰ ਸ਼ਤਾਨ ਨੂੰ ਝਬਦੇ ਤੁਹਾਡੇ ਪੈਰਾਂ ਦੇ ਹੇਠ ਮਿੱਧੇਗਾ। ਸਾਡੇ ਪ੍ਰਭੂ ਯਿਸੂ ਮਸੀਹ ਦੀ ਕਿਰਪਾ ਤੁਹਾਡੇ ਨਾਲ ਹੋਵੇ।** ਰੋਮੀਆਂ 16:20

**ਧਰਤੀ ਉੱਤੇ ਬਹੁਤ ਸਾਰੀਆਂ ਮੁਸੀਬਤਾਂ ਪੈਂਦੀਆਂ ਹਨ, ਪਰ ਯਹੋਵਾਹ ਉਨ੍ਹਾਂ ਸਭਨਾਂ ਤੋਂ ਉਸ ਨੂੰ ਛੁਡਾਉਂਦਾ ਹੈ।** ਜ਼ਬੂਰ 34:19

**ਤੁਹਾਡੇ ਉੱਤੇ ਇਹੋ ਜਿਹਾ ਕੋਈ ਪਰਤਾਵਾ ਨਹੀਂ ਪਿਆ ਜੋ ਮਨੁੱਖ ਤੋਂ ਨਹੀਂ ਝੱਲਿਆ ਜਾਂਦਾ ਪਰੰਤੂ ਪਰਮੇਸ਼ੁਰ ਵਫ਼ਾਦਾਰ ਹੈ ਜੋ ਤੁਹਾਡੀ ਸ਼ਕਤੀਓਂ ਬਾਹਰ ਤੁਹਾਨੂੰ ਪਰਤਾਵੇ ਵਿੱਚ ਨਹੀਂ ਪੈਣ ਦੇਵੇਗਾ ਸਗੋਂ ਪਰਤਾਵੇ ਦੇ ਨਾਲ ਹੀ ਬਚ ਜਾਣ ਦਾ ਉਪਾਓ ਵੀ ਕੱਢ ਦੇਵੇਗਾ ਭਈ ਤੁਸੀਂ ਝੱਲ ਸੱਕੋ।** 1 ਕੁਰਿੰਥੀਆਂ 10:13

**ਜਿਹੜਾ ਜਿੱਤਣ ਵਾਲਾ ਹੈ ਉਹ ਇਨ੍ਹਾਂ ਪਦਾਰਥਾਂ ਦਾ ਅਧਕਾਰੀ ਹੋਵੇਗਾ ਅਤੇ ਮੈਂ ਉਹ ਦਾ ਪਰਮੇਸ਼ੁਰ ਹੋਵਾਂਗਾ ਅਤੇ ਉਹ ਮੇਰਾ ਪੁੱਤਰ ਹੋਵੇਗਾ।** ਪਰਕਾਸ਼. 21:7

**ਜਿਹੜਾ ਜਿੱਤਣ ਵਾਲਾ ਹੈ ਉਹ ਨੂੰ ਇਸੇ ਪਰਕਾਰ ਚਿੱਟੇ ਬਸਤਰ ਪਹਿਨਾਏ ਜਾਣਗੇ ਅਤੇ ਮੈਂ ਉਹ ਦਾ ਨਾਉਂ ਜੀਵਨ ਦੀ ਪੋਥੀ ਵਿੱਚੋਂ ਕਦੇ ਨਾ ਮੇਟਾਂਗਾ ਸਗੋਂ ਮੈਂ ਆਪਣੇ ਪਿਤਾ ਦੇ ਅੱਗੇ ਅਤੇ ਓਸ ਦਿਆਂ ਦੂਤਾਂ ਦੇ ਅੱਗੇ ਉਹ ਦੇ ਨਾਉਂ ਦਾ ਕਰਾਰ ਕਰਾਂਗਾ।**

ਪਰਕਾਸ਼. 3:5

**ਜਿਹੜਾ ਜਿੱਤਣ ਵਾਲਾ ਹੈ ਉਹ ਨੂੰ ਮੈਂ ਆਪਣੇ ਸਿੰਘਾਸਣ ਉੱਤੇ ਆਪਣੇ ਨਾਲ ਬਿਠਾਵਾਂਗਾ ਜਿਸ ਪਰਕਾਰ ਮੈਂ ਵੀ ਜਿੱਤਿਆ ਅਤੇ ਆਪਣੇ ਪਿਤਾ ਦੇ ਨਾਲ ਉਹ ਦੇ ਸਿੰਘਾਸਣ ਉੱਤੇ ਬੈਠਾ।** ਪਰਕਾਸ਼. 3:21

**ਪਰੰਤੂ ਗ੍ਰਿਸਤੀਆਂ ਨੂੰ ਮੈਂ ਤਗੀਦ ਕਰਦਾ ਹਾਂ ਪਰ ਮੈਂ ਤਾਂ ਨਹੀਂ ਸਗੋਂ ਪ੍ਰਭੂ, ਜੋ ਪਤਨੀ ਆਪਣੇ ਪਤੀ ਤੋਂ ਅੱਡ ਨਾ ਹੋਵੇ। ਪਰ ਜੇ ਉਹ ਅੱਡ ਹੋਵੇ ਵੀ ਤਾਂ ਅਣਵਿਆਹੀ ਰਹੇ ਅਥਵਾ ਆਪਣੇ ਪਤੀ ਨਾਲ ਸੁਲ੍ਹਾ ਕਰ ਲਵੇ ਅਤੇ ਪਤੀ ਆਪਣੀ ਪਤਨੀ ਨੂੰ ਨਾ ਤਿਆਗੇ।**

1 ਕੁਰਿੰਥੀਆਂ 7:10, 11

**ਹਰੇਕ ਜੋ ਆਪਣੀ ਪਤਨੀ ਨੂੰ ਤਿਆਗ ਕੇ ਦੂਈ ਨੂੰ ਵਿਆਹੇ ਸੋ ਜ਼ਨਾਹ ਕਰਦਾ ਹੈ ਅਤੇ ਜਿਹੜਾ ਖਸਮ ਦੀ ਤਿਆਗੀ ਹੋਈ ਇਸਤਰੀ ਨੂੰ ਵਿਆਹੇ ਉਹ ਜ਼ਨਾਹ ਕਰਦਾ ਹੈ।**

ਲੂਕਾ 16:18

ਹੇ ਪਿਆਰਿਓ, ਅਸੀਂ ਹੁਣ ਪਰਮੇਸ਼ੁਰ ਦੇ ਬਾਲਕ ਹਾਂ ਅਤੇ ਅਜੇ ਇਹ ਪਰਗਟ ਨਹੀਂ ਹੋਇਆ ਭਈ ਅਸੀਂ ਕੀ ਕੁਝ ਹੋਵਾਂਗੇ! ਅਸੀਂ ਇਹ ਜਾਣਦੇ ਹਾਂ ਭਈ ਜਦ ਉਹ ਪਰਗਟ ਹੋਵੇਗਾ ਤਾਂ ਅਸੀਂ ਉਹ ਦੇ ਵਰਗੇ ਹੋਵਾਂਗੇ ਕਿਉਂ ਜੋ ਉਹ ਜਿਹਾ ਹੈ ਤਿਹਾ ਹੀ ਉਹ ਨੂੰ ਵੇਖਾਂਗੇ। ਅਤੇ ਹਰ ਕੋਈ ਜਿਹੜਾ ਓਸ ਉੱਤੇ ਇਹ ਆਸ ਰੱਖਦਾ ਹੈ ਆਪਣੇ ਆਪ ਨੂੰ ਪਵਿੱਤਰ ਕਰਦਾ ਹੈ ਜਿਵੇਂ ਉਹ ਪਵਿੱਤਰ ਹੈ। 1 ਯੂਹੰਨਾ 3:2, 3

....ਧਰਤੀ ਦੀਆਂ ਸਾਰੀਆਂ ਕੌਮਾਂ. . . ਮਨੁੱਖ ਦੇ ਪੁੱਤਰ ਨੂੰ ਸਮਰੱਥਾ ਅਰ ਵੱਡੇ ਤੇਜ ਨਾਲ ਅਕਾਸ਼ ਦੇ ਬੱਦਲਾਂ ਉੱਤੇ ਆਉਂਦਿਆਂ ਵੇਖਣਗੀਆਂ। ਮੱਤੀ 24:30

ਅਰ ਜੇ ਮੈਂ ਜਾ ਕੇ ਤੁਹਾਡੇ ਲਈ ਜਗ੍ਹਾ ਤਿਆਰ ਕਰਾਂ ਤਾਂ ਫੇਰ ਆਣ ਕੇ ਤੁਹਾਨੂੰ ਆਪਣੇ ਕੋਲ ਲੈ ਲਵਾਂਗਾ ਭਈ ਜਿੱਥੇ ਮੈਂ ਹਾਂ ਤੁਸੀਂ ਭੀ ਹੋਵੋ। ਯੂਹੰਨਾ 14:3

**ਤੇਰਾ ਬਚਨ ਮੇਰੇ ਪੈਰਾਂ ਲਈ ਦੀਪਕ ਹੈ, ਅਤੇ ਮੇਰੇ ਰਾਹ ਦਾ ਚਾਨਣ ਹੈ।**

ਜ਼ਬੂਰ 119:105

## ਪ੍ਰਾਰਥਨਾ ਕਰੋ ਅਤੇ ਮਾਫ਼ ਕਰੋ

**ਸੋ ਤੁਸੀਂ ਇਸ ਬਿਧ ਨਾਲ ਪ੍ਰਾਰਥਨਾ ਕਰੋ,— ਹੇ ਸਾਡੇ ਪਿਤਾ, ਜਿਹੜਾ ਸੁਰਗ ਵਿੱਚ ਹੈਂ, ਤੇਰਾ ਨਾਮ ਪਾਕ ਮੰਨਿਆ ਜਾਵੇ, ਤੇਰਾ ਰਾਜ ਆਵੇ,ਤੇਰੀ ਮਰਜ਼ੀ ਜਿਹੀ ਸੁਰਗ ਵਿੱਚ ਪੂਰੀ ਹੁੰਦੀ ਹੈ ਜਮੀਨ ਉੱਤੇ ਵੀ ਹੋਵੇ। ਸਾਡੀ ਰੋਜ ਦੀ ਰੋਟੀ ਅੱਜ ਸਾਨੂੰ ਦਿਹ, ਅਤੇ ਸਾਡੇ ਕਰਜ਼ ਸਾਨੂੰ ਮਾਫ਼ ਕਰ, ਜਿਵੇਂ ਅਸਾਂ ਵੀ ਆਪਣੇ ਕਰਜਾਈਆਂ ਨੂੰ ਮਾਫ਼ ਕੀਤਾ ਹੈ, ਅਤੇ ਸਾਨੂੰ ਪਰਤਾਵੇ ਵਿੱਚ ਨਾ ਲਿਆ, ਸਗੋਂ ਬੁਰਿਆਈ ਤੋਂ ਬਚਾ। ਕਿਉਂਕਿ ਜੇ ਤੁਸੀਂ ਮਨੁੱਖਾਂ ਨੂੰ ਉਨ੍ਹਾਂ ਦੇ ਅਪਰਾਧ ਮਾਫ਼ ਕਰ ਦਿਓ ਤਾਂ ਤੁਹਾਡਾ ਸੁਰਗੀ ਪਿਤਾ ਤੁਹਾਨੂੰ ਵੀ ਮਾਫ਼ ਕਰ ਦੇਵੇਗਾ।ਪਰ ਜੇ ਤੁਸੀਂ ਮਨੁੱਖਾਂ ਨੂੰ ਉਨ੍ਹਾਂ ਦੇ ਅਪਰਾਧ ਮਾਫ਼ ਨਾ ਕਰੋ ਤਾਂ ਤੁਹਾਡਾ ਪਿਤਾ ਵੀ ਤੁਹਾਡੇ ਅਪਰਾਧ ਮਾਫ਼ ਨਾ ਕਰੇਗਾ।**

ਮੱਤੀ 6:9-15

# ਪਰਮੇਸ਼ੁਰ ਦਾ ਸ਼ਬਦ

## 2 ਤਿਮੋਥਿਉਸ 3 : 16

ਸਾਰੀ ਲਿਖਤ ਪਰਮੇਸ਼ੁਰ ਦੇ ਆਤਮਾ ਤੋਂ ਹੈ ਅਤੇ ਸਿਖਿਆ, ਤਾੜਨ, ਸੁਧਾਰਨ ਅਤੇ ਧਰਮ ਦੇ ਗਿਝਾਉਣ ਲਈ ਗੁਣਕਾਰ ਹੈ ।

## ਜ਼ਬੂਰ 119 : 11

ਮੈਂ ਤੇਰੇ ਬਚਨ ਨੂੰ ਆਪਣੇ ਮਨ ਵਿੱਚ ਜਮਾ ਕਰ ਲਿਆ, ਤਾਂ ਜੋ ਤੇਰਾ ਪਾਪ ਨਾ ਕਰਾਂ ।

## ਮੱਤੀ 22 : 29

ਯਿਸੂ ਨੇ ਉਨ੍ਹਾਂ ਨੂੰ ਉੱਤਰ ਦਿੱਤਾ, ਤੁਸੀਂ ਕਿਤਾਬਾਂ ਅਰ ਪਰਮੇਸ਼ੁਰ ਦੀ ਸਮਰੱਥਾ ਨੂੰ ਨਾ ਜਾਣ ਕੇ ਭੁੱਲ ਵਿੱਚ ਪਏ ਹੋ ।

Read booklets online or by App
www.wmp-readonline.org

ਸੰਗ੍ਰਹ ਕਰਤਾ : ਵਾਟਸਨ ਗੁਡਮੈਨ

www.wmpress.org 5-21 67 Punjabi HFA